SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 92 | Thursday, May 11, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਹੁਣ ਪਾਸਪੋਰਟ ਨੰਵਿਆਉਣ ਲਈ ਆਨਲਾਈਨ ਅਪਲਾਈ ਕਰ ਸਕਣਗੇ ਕੈਨੇਡੀਅਨਜ਼




ਓਟਵਾ, 10 ਮਈ (ਪੋਸਟ ਬਿਊਰੋ) : ਹੁਣ ਆਪਣੇ ਪਾਸਪੋਰਟ ਨੰਵਿਆਉਣ ਲਈ ਕੈਨੇਡੀਅਨਜ਼ ਨੂੰ ਲੰਮੀਆਂ ਕਤਾਰਾਂ ਵਿੱਚ ਖੜ੍ਹੇ ਹੋਣ ਦੀ ਲੋੜ ਨਹੀਂ ਪਵੇਗੀ ਸਗੋਂ ਇਹ ਕੰਮ ਆਨਲਾਈਨ ਹੀ ਹੋ ਜਾਇਆ ਕਰੇਗਾ। ਇਸ ਦਾ ਐਲਾਨ ਬੁੱਧਵਾਰ ਨੂੰ ਇਮੀਗ੍ਰੇਸ਼ਨ ਮੰਤਰੀ ਨੇ ਕੀਤਾ।

ਇਸ ਸਾਲ ਦੇ ਅੰਤ ਤੋਂ ਜਿਨ੍ਹਾਂ ਕੈਨੇਡੀਅਨ ਨੂੰ ਆਪਣੇ ਪਾਸਪੋਰਟ ਨੰਵਿਆਉਣੇ ਹੋਣਗੇ ਉਹ ਆਨਲਾਈਨ ਅਪਲਾਈ ਕਰ ਸਕਣਗੇ। ਇਸ ਲਈ ਉਹ ਆਪਣੇ ਅਹਿਮ ਦਸਤਾਵੇਜ਼ ਤੇ ਪਾਸਪੋਰਟ ਸਾਈਜ਼ ਫੋਟੋ ਵੀ ਸਰਕਾਰੀ ਵੈੱਬਸਾਈਟ ਉੱਤੇ ਅਪਲੋਡ ਕਰ ਸਕਣਗੇ। ਇਹ ਜਾਣਕਾਰੀ ਇਮੀਗ੍ਰੇਸ਼ਨ ਮੰਤਰੀ ਸ਼ੌਨ ਫਰੇਜ਼ਰ ਨੇ ਦਿੱਤੀ। ਕੈਨੇਡਾ ਦੇ ਪਾਸਪੋਰਟ ਲਈ ਨਵੇਂ ਡਿਜ਼ਾਈਨ ਦੀ ਘੁੰਡ ਚੁਕਾਈ ਮੌਕੇ ਇੱਕ ਈਵੈਂਟ ਵਿੱਚ ਹਿੱਸਾ ਲੈਣ ਸਮੇਂ ਫਰੇਜ਼ਰ ਨੇ ਇਹ ਐਲਾਨ ਕੀਤਾ। ਕੈਨੇਡਾ ਦੇ ਪਾਸਪੋਰਟ ਦੇ ਨਵੇਂ ਡਿਜ਼ਾਈਨ ਵਿੱਚ ਅਪਡੇਟਿਡ ਸਕਿਊਰਿਟੀ ਫੀਚਰ ਤੇ ਰੰਗਦਾਰ ਨਵੇਂ ਪੇਜ ਵੀ ਹਨ ਤੇ ਇਸ ਵਿੱਚੋਂ ਕੁੱਝ ਚੀਜ਼ਾਂ ਨੂੰ ਹਟਾ ਵੀ ਦਿੱਤਾ ਗਿਆ ਹੈ। ਓਟਵਾ ਇੰਟਰਨੈਸ਼ਨਲ ਏਅਰਪੋਰਟ ਉੱਤੇ ਪ੍ਰੈੱਸ ਕਾਨਫਰੰਸ ਦੌਰਾਨ ਫਰੇਜ਼ਰ ਨੇ ਆਖਿਆ ਕਿ ਕੈਨੇਡੀਅਨਜ਼ ਲਈ ਆਪਣੀਆਂ ਸੇਵਾਵਾਂ ਤੇ ਸਕਿਊਰਿਟੀ ਵਿੱਚ ਸੁਧਾਰ ਲਈ ਫੈਡਰਲ ਸਰਕਾਰ ਕੰਮ ਕਰਨਾ ਜਾਰੀ ਰੱਖੇਗੀ। ਪਾਸਪੋਰਟ ਨੂੰ ਅਪਡੇਟ ਕਰਨ ਨਾਲ ਟਰੈਵਲ ਵਿੱਚ ਸੁਧਾਰ ਤੇ ਸਕਿਊਰਿਟੀ ਵਿੱਚ ਹੋਰ ਵਾਧਾ ਹੋਵੇਗਾ। ਜਿਨ੍ਹਾਂ ਨੇ ਨਵੇਂ ਪਾਸਪੋਰਟ ਲਈ ਅਪਲਾਈ ਕਰਨਾ ਹੋਵੇਗਾ, ਜਿਨ੍ਹਾਂ ਵਿੱਚ ਬੱਚੇ ਵੀ ਸ਼ਾਮਲ ਹੋਣਗੇ, ਉਨ੍ਹਾਂ ਨੂੰ ਸਰਵਿਸ ਕੈਨੇਡਾ ਕੋਲ ਰਵਾਇਤੀ ਐਪਲੀਕੇਸ਼ਨ ਪ੍ਰਕਿਰਿਆ ਰਾਹੀਂ ਲੰਘਣਾ ਹੋਵੇਗਾ।

## ਗਰੌਸਰੀ ਰਿਬੇਟ ਤੇ ਹੈਲਥ ਟਰਾਂਸਫਰ ਸਬੰਧੀ ਬਿੱਲ ਸੈਨੇਟ ਵੱਲੋਂ ਪਾਸ

ਓਟਵਾ, 10 ਮਈ (ਪੋਸਟ ਬਿਊਰੋ) : ਗਰੌਸਰੀ ਰਿਬੇਟ ਤੇ ਫੈਡਰਲ ਹੈਲਥ ਟਰਾਂਸਫਰ ਸਬੰਧੀ ਬਿੱਲ ਸੈਨੇਟ ਵੱਲੋਂ ਵੀ ਪਾਸ ਕਰ ਦਿੱਤਾ ਗਿਆ।




ਅਧਿਐਨ ਤੋਂ ਬਾਅਦ ਬੁੱਧਵਾਰ ਨੂੰ ਸੈਨੇਟ ਨੇ ਬਿੱਲ ਸੀ-46 ਉੱਤੇ ਮਨਜ਼ੂਰੀ ਦੀ ਮੋਹਰ ਲਾ ਦਿੱਤੀ। ਹੁਣ ਇੱਕ ਵਾਰੀ ਸ਼ਾਹੀ ਮੋਹਰ ਲੱਗ ਜਾਣ ਤੋਂ ਬਾਅਦ 11 ਮਿਲੀਅਨ ਯੋਗ ਕੈਨੇਡੀਅਨਜ਼ ਨੂੰ ਗਰੌਸਰੀ ਰਿਬੇਟ ਸਬੰਧੀ ਅਦਾਇਗੀ ਕਰ ਦਿੱਤੀ ਜਾਵੇਗੀ। ਇਸ ਲਈ ਸਰਕਾਰ ਵੱਲੋਂ 2.5 ਬਿਲੀਅਨ ਡਾਲਰ ਦੀ ਰਕਮ ਰਾਖਵੀਂ ਰੱਖੀ ਗਈ ਹੈ। ਕੈਨੇਡਾ ਰੈਵਨਿਊ ਏਜੰਸੀ ਦਾ ਕਹਿਣਾ ਹੈ ਕਿ ਜੁਲਾਈ ਵਿੱਚ ਇਹ ਰਕਮ ਯੋਗ ਕੈਨੇਡੀਅਨਜ਼ ਨੂੰ ਦਿੱਤੀ ਜਾ ਸਕਦੀ ਹੈ।

ਫੈਡਰਲ ਪ੍ਰੋਵਿੰਸ਼ੀਅਲ ਫਿਸਕਲ ਅਰੇਂਜਮੈਂਟਸ ਐਕਟ ਵਿੱਚ ਕੀਤੀਆਂ ਗਈਆਂ ਸੋਧਾਂ ਕਰਕੇ ਪ੍ਰੋਵਿੰਸਾਂ ਤੇ ਟੈਰੇਟਰੀਜ਼ ਨੂੰ ਵੀ ਜਲਦ ਹੀ 2 ਬਿਲੀਅਨ ਡਾਲਰ ਵਿੱਚੋਂ ਆਪਣਾ ਬਣਦਾ ਹਿੱਸਾ ਮਿਲ ਜਾਵੇਗਾ। ਇਹ ਬਿੱਲ 19 ਅਪਰੈਲ ਤੋਂ ਅਧਿਐਨ ਲਈ ਸੈਨੇਟ ਕੋਲ ਸੀ।

## ਇਟੋਬੀਕੋ ਵਿੱਚ ਚੱਲੀ ਗੋਲੀ, ਮਹਿਲਾ ਹਲਾਕ

ਇਟੋਬੀਕੋ, 10 ਮਈ (ਪੋਸਟ ਬਿਊਰੋ) : ਦੱਖਣੀ ਇਟੋਬੀਕੋ ਵਿੱਚ ਇੱਕ ਕੌਂਡੋ ਵਿਖੇ ਤੜ੍ਹਕਸਾਰ ਚੱਲੀ ਗੋਲੀ ਵਿੱਚ ਇੱਕ ਮਹਿਲਾ ਦੀ ਮੌਤ ਹੋ ਗਈ। ਪੁਲਿਸ ਵੱਲੋਂ ਮਸ਼ਕੂਕ ਦੀ ਭਾਲ ਕੀਤੀ ਜਾ ਰਹੀ ਹੈ।




ਬੁੱਧਵਾਰ ਸਵੇਰੇ 4:30 ਵਜੇ ਦੇ ਨੇੜੇ ਤੇੜੇ ਮੈਨੀਟੋਬਾ ਸਟਰੀਟ ਤੇ ਲੀਜ਼ਨ ਰੋਡ ਇਲਾਕੇ ਵਿੱਚ ਟੋਰਾਂਟੋ ਪੁਲਿਸ ਨੂੰ ਗੋਲੀ ਚੱਲਣ ਦੀ ਖਬਰ ਦੇ ਕੇ ਸੱਦਿਆ ਗਿਆ। ਜਾਂਚਕਾਰਾਂ ਨੇ ਦੱਸਿਆ ਕਿ ਇਸ ਕੌਂਡੋ ਵਿੱਚ ਰਹਿਣ ਵਾਲੇ ਰੈਜ਼ੀਡੈਂਟਸ ਨੇ ਹਿੰਸਕ ਝੜਪ ਦੀ ਜਾਣਕਾਰੀ ਵੀ ਦਿੱਤੀ। ਪਰ ਫਿਰ ਗੋਲੀ ਚੱਲਣ ਦੀ ਆਵਾਜ਼ ਵੀ ਆਈ। ਸਕਿਊਰਿਟੀ ਨੂੰ ਇੱਕ ਮਹਿਲਾ ਗੋਲੀ ਲੱਗਣ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲੀ।

ਐਮਰਜੰਸੀ ਰਿਸਪਾਂਡਰਜ਼ ਵੱਲੋਂ ਮਹਿਲਾ ਨੂੰ ਬਚਾਉਣ ਦੀ ਕੋਸ਼ਿਸ਼ ਕਰਨ ਦੇ ਬਾਵਜੂਦ ਉਸ ਦੀ ਜਾਨ ਨਹੀਂ ਬਚਾਈ ਜਾ ਸਕੀ। ਪੁਲਿਸ ਨੇ ਦੱਸਿਆ ਕਿ ਇੱਕ ਮਸ਼ਕੂਕ ਨੂੰ ਪੈਦਲ ਹੀ ਇਸ ਇਲਾਕੇ ਵਿੱਚੋਂ ਜਾਂਦਿਆਂ ਵੇਖਿਆ ਗਿਆ। ਪਰ ਅਜੇ ਤੱਕ ਮਸ਼ਕੂਕ ਸਬੰਧੀ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ। ਹੋਮੀਸਾਈਡ ਯੂਨਿਟ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਚਾਕੂ ਲੈ ਕੇ ਘੁੰਮ ਰਹੇ ਵਿਅਕਤੀ ਉੱਤੇ ਪੁਲਿਸ ਨੇ ਚਲਾਈ ਗੋਲੀ, ਹੋਈ ਮੌਤ

ਟੋਰਾਂਟੋ, 10 ਮਈ (ਪੋਸਟ ਬਿਊਰੋ) : ਸਿਟੀ ਦੇ ਪੂਰਬੀ ਸਿਰੇ ਉੱਤੇ ਟੋਰਾਂਟੋ ਦੇ ਪੁਲਿਸ ਅਧਿਕਾਰੀ ਵੱਲੋਂ ਚਲਾਈ ਗਈ ਗੋਲੀ ਕਾਰਨ ਇੱਕ 40 ਸਾਲਾ ਵਿਅਕਤੀ ਦੀ ਮੌਤ ਹੋ ਗਈ।



ਸਪੈਸ਼ਲ ਇਨਵੈਸਟੀਗੇਸ਼ਨ ਯੂਨਿਟ (ਐਸਆਈਯੂ) ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਸ਼ੂਟਿੰਗ ਬੁੱਧਵਾਰ ਨੂੰ ਦੁਪਹਿਰ ਸਮੇਂ ਡੈਨਫੋਰਥ ਐਵਨਿਊ ਤੇ ਵਿਕਟੋਰੀਆ ਪਾਰਕ ਐਵਨਿਊ ਏਰੀਆ ਵਿੱਚ ਸ਼ੌਪਰਜ਼ ਵਰਲਡ ਡੈਨਫੋਰਥ ਪਲਾਜ਼ਾ ਵਿਖੇ ਹੋਈ। ਇਸ ਵਿਅਕਤੀ ਕੋਲ ਚਾਕੂ ਸੀ ਤੇ ਇਸੇ ਲਈ ਟੋਰਾਂਟੋ ਪੁਲਿਸ ਅਧਿਕਾਰੀ ਵੱਲੋਂ ਉਸ ਉੱਤੇ ਗੋਲੀ ਚਲਾਈ ਗਈ। ਐਸਆਈਯੂ ਦੇ ਬੁਲਾਰੇ ਨੇ ਦੱਸਿਆ ਕਿ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹੋਇਆਂ ਉਸ ਵਿਅਕਤੀ ਦੀ ਮੌਤ ਹੋ ਗਈ ਤੇ ਜਾਂਚ ਐਸਆਈਯੂ ਨੇ ਆਪਣੇ ਹੱਥ ਲੈ ਲਈ।

ਇਸ ਇਲਾਕੇ ਵਿੱਚ ਰਹਿਣ ਵਾਲੇ ਪੈਰਾਮੈਡਿਕ,ਜੋ ਕਿ ਛੁੱਟੀ ਉੱਤੇ ਸੀ, ਨੇ ਦੱਸਿਆ ਕਿ ਉਹ ਆਪਣੇ ਕੁੱਤੇ ਨੂੰ ਘੁਮਾ ਰਿਹਾ ਸੀ ਜਦੋਂ ਉਸ ਨੇ ਇੱਕ ਵਿਅਕਤੀ ਨੂੰ ਗੁੱਸੇ ਵਿੱਚ ਇੱਧਰ ਉੱਧਰ ਘੁੰਮਦਿਆਂ ਵੇਖਿਆ, ਉਸ ਵਿਅਕਤੀ ਦੇ ਹੱਥ ਵਿੱਚ ਚਾਕੂ ਸੀ ਤੇ ਉਸ ਦੇ ਕੱਪੜਿਆਂ ਉੱਤੇ ਖੂਨ ਵੀ ਲੱਗਿਆ ਹੋਇਆ ਸੀ। ਉਸ ਦੇ ਹੱਥ ਵਿੱਚ ਸਵਿੱਚਬਲੇਡ ਵੀ ਨਜ਼ਰ ਆ ਰਿਹਾ ਸੀ।ਜੌਨੀ ਸਟੇਵਰੂ ਨੇ ਆਖਿਆ ਕਿ ਉਸ ਨੇ ਨੇੜੇ ਹੀ ਮੌਜੂਦ ਪੁਲਿਸ ਅਧਿਕਾਰੀ ਵੱਲ ਹੱਥ ਹਿਲਾਇਆ ਤੇ ਉਦੋਂ ਹੀ ਸਥਿਤੀ ਗੜਬੜਾ ਗਈ।

ਪੁਲਿਸ ਅਧਿਕਾਰੀ ਨੇ ਉਸ ਵਿਅਕਤੀ ਨੂੰ ਚਾਕੂ ਸੁੱਟਣ ਲਈ ਆਖਿਆ ਪਰ ਉਸ ਵਿਅਕਤੀ ਨੇ ਤੇਜ਼ੀ ਨਾਲ ਅਧਿਕਾਰੀ ਵੱਲ ਵਧਣਾ ਸ਼ੁਰੂ ਕਰ ਦਿੱਤਾ। ਪੁਲਿਸ ਅਧਿਕਾਰੀ ਨੇ ਉਸ ਨੂੰ ਇੱਕ ਦੋ ਵਾਰੀ ਹੋਰ ਚੇਤਾਵਨੀ ਦਿੱਤੀ ਪਰ ਉਹ ਤੇਜ਼ੀ ਨਾਲ ਉਸ ਵੱਲ ਵੱਧਦਾ ਰਿਹਾ, ਇਸ ਤੋਂ ਬਾਅਦ ਪੁਲਿਸ ਅਧਿਕਾਰੀ ਨੇ ਉਸ ਨੂੰ ਦੋ ਗੋਲੀਆਂ ਮਾਰ ਦਿੱਤੀਆਂ।ਪੈਰਾਮੈਡਿਕਸ ਦੇ ਪਹੁੰਚਣ ਤੱਕ ਉਸ ਵਿਅਕਤੀ ਨੂੰ ਬਚਾਉਣ ਦੀ ਕਾਫੀ ਕੋਸ਼ਿਸ਼ ਕੀਤੀ ਗਈ। ਪਰ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

INSURANCE
Home · Auto · Business · Trucking · Life Insurance · Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

NOW HIRING !!!
ALLKIND INSURANCE
Life Insurance · Critical illness Ins · Travel & Visitor Ins · RESP & TFSA & RRSP
Super Visa Insurance · Mortgage Insurance · Disability Insurance · Funeral Insurance
SIMRAN SAINI 416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance · Mortgage Insurance · Life Insurance · Visitor & Travel Insurance · RESP(Education Plan) · Critical Illness Insurance
RANJIT GILL Insurance Advisor 416-724-5000

GURBIR CHAHAL Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

PEST PROBLEM ? Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc. Residential, Commercial
www.ksgpestcontrol.ca ksgpestcontrol@gmail.com
Amarjeet Singh Gill

Law Office of Aman Sharma
Real Estate · Commercial Lease · Business Purchase & Sale · Notarizations & Affidavits · Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

OURR HOME & APPLIANCES
Spring INTO SAVINGS
$1499* $200 $4599* $3199
KitchenAid moffat MAYTAG LG SAMSUNG Electrolux JENNAIR BOSCH Whirlpool
416-551-5553 WWW.OURRHOMEAPPLIANCES.COM

AUTO & HOME INSURANCE
Super visa Insurance · Life & Disability · Critical illness · RESP · Visitor & Travel insurance
(416-845-1352) Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
Supervisa / Visitor Insurance · Life /Mortgage/Funeral Insurance · Disability Insurance · Critical Illness Insurance · RESP /RRSP
www.ufsinsurance.com
JATINDERBIR S BAJWA Insurance Broker Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration · Real Estate · Family Law · Business Closing · Corporate · Wills & Estate · Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3 Shinder Kelley 905-362-0755

PROTECT YOUR HOME FROM PESTS Pest Control
100% Success rate for bed bug Treatment · Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control : Mouse & Rats · Spiders & Fleas · Bedbugs · Wasps · Cockroaches · Carpenter Ants · Silver Fish · Racoons
Call : PARESH PATEL (Government Approved Licensed Technician) 416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ? · ਗਾਰਨਿਸ਼ਮੈਂਟ? · ਬੈਂਕ ਵਲੋਂ ਪੈਸੇ ਦੀ ਮੰਗ ? · ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance · Walkie pallet · Electric Motor · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001 NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਮੁਫਤ ਪਿਕਅਪ ਅਤੇ ਡਰਾਪ ਆਫ਼ · ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ · ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ · ਵਾਜਿਬ ਕੀਮਤ
ਫਰੀ ਪਿਕਅਪ · Best Rates For Lessons · ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre · Avon Financial Inc. Advice you can bank on. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law · Business Law · Wills & Estates · Family Law · Power of Attorney · Civil Litigation · Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9 T: 905 799 9333 www.mannlawfirm.ca

# ਕਾਰ ਤੇ ਟਰੱਕ ਦੀ ਟੱਕਰ ਵਿੱਚ ਇੱਕ ਹਲਾਕ



ਬਰੈਂਪਟਨ, 10 ਮਈ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਬਰੈਂਪਟਨ ਵਿੱਚ ਹਾਈਵੇਅ 401 ਉੱਤੇ ਗਲਤ ਪਾਸੇ ਜਾ ਰਹੀ ਇੱਕ ਦੀ ਗੱਡੀ ਦੀ ਟਰਾਂਸਪੋਰਟ ਟਰੱਕ ਨਾਲ ਆਹਮੋ ਸਾਹਮਣੀ ਟੱਕਰ ਹੋਣ ਕਾਰਨ ਇੱਕ ਵਿਅਕਤੀ ਦੀ ਮੌਕੇ ਉੱਤੇ ਹੀ ਮੌਤ ਹੋ ਗਈ।ਮਰਨ ਵਾਲਾ ਵਿਅਕਤੀ ਗੱਡੀ ਚਲਾ ਰਿਹਾ ਸੀ।

ਦੋਵਾਂ ਗੱਡੀਆਂ ਦਰਮਿਆਨ ਟੱਕਰ ਸਵੇਰੇ 3:30 ਵਜੇ ਸਟੀਲਜ਼ ਐਵਨਿਊ ਦੇ ਦੱਖਣ ਵੱਲ ਹਾਈਵੇਅ ਦੀਆਂ ਦੱਖਣ ਵਾਲੀਆਂ ਲੇਨਜ਼ ਉੱਤੇ ਹੋਈ। ਪੁਲਿਸ ਨੇ ਦੱਸਿਆ ਕਿ ਕਾਰ ਦੱਖਣ ਵਾਲੀਆਂ ਲੇਨਜ਼ ਵਿੱਚ ਉੱਤਰ ਵੱਲ ਜਾ ਰਹੀ ਸੀ ਜਦੋਂ ਉਸ ਦੀ ਟਰਾਂਸਪੋਰਟ ਟਰੱਕ ਨਾਲ ਟੱਕਰ ਹੋਈ। ਕਾਰ ਦੇ 30 ਸਾਲਾ ਡਰਾਈਵਰ, ਜੋ ਕਿ ਓਕਵਿੱਲ ਤੋਂ ਸੀ,ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।

ਓਪੀਪੀ ਸਾਰਜੈਂਟ ਕੈਰੀ ਸ਼ਮਿਡਟ ਨੇ ਆਖਿਆ ਕਿ ਪੁਲਿਸ ਅਧਿਕਾਰੀਆਂ ਨੂੰ ਹਾਈਵੇਅ ਉੱਤੇ ਗਲਤ ਦਿਸ਼ਾ ਵੱਲ ਜਾ ਰਹੇ ਡਰਾਈਵਰ ਬਾਰੇ ਜਾਣਕਾਰੀ ਮਿਲੀ ਸੀ ਪਰ ਉਹ ਸ਼ੁਰੂ ਵਿੱਚ ਇਸ ਨੂੰ ਲੋਕੇਟ ਨਹੀਂ ਕਰ ਪਾਏ। ਇਸ ਤੋਂ ਕੁੱਝ ਦੇਰ ਬਾਅਦ ਹੀ ਪੁਲਿਸ ਨੂੰ ਹਾਦਸੇ ਦੀ ਖਬਰ ਮਿਲ ਗਈ।ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਬੱਚੇ ਨੂੰ ਲੈ ਕੇ ਜਾ ਰਹੀ ਮਹਿਲਾ ਦੀ ਧੌਣ ਉੱਤੇ ਇੱਕ ਵਿਅਕਤੀ ਨੇ ਤਿੱਖੀ ਚੀਜ਼ ਨਾਲ ਕੀਤਾ ਵਾਰ

ਦਰਹਾਮ, 10 ਮਈ (ਪੋਸਟ ਬਿਊਰੋ) : ਵ੍ਹਿਟਬੀ ਵਿੱਚ ਆਪਣੇ ਬੱਚੇ ਨੂੰ ਲੈ ਕੇ ਜਾ ਰਹੀ ਇੱਕ ਮਹਿਲਾ ਦੀ ਧੌਣ ਉੱਤੇ ਇੱਕ ਵਿਅਕਤੀ ਵੱਲੋਂ ਤਿੱਖੀ ਚੀਜ਼ ਨਾਲ ਵਾਰ ਕੀਤਾ ਗਿਆ। ਦਰਹਾਮ ਰੀਜਨਲ ਪੁਲਿਸ ਵੱਲੋਂ ਮਸ਼ਕੂਕ ਦੀ ਤਸਵੀਰ ਵੀ ਜਾਰੀ ਕੀਤੀ ਗਈ ਹੈ।

ਪੁਲਿਸ ਨੇ ਦੱਸਿਆ ਕਿ ਇਹ ਘਟਨਾ 9 ਮਈ ਨੂੰ ਦੁਪਹਿਰੇ 2:20ਵਜੇ ਦੇ ਨੇੜੇ ਤੇੜੇ ਕਲੌਸਨ ਡਰਾਈਵ ਤੇ ਡੈਸ ਨਿਊਮਨ ਬੁਲੇਵਾਰਡ ਇਲਾਕੇ ਵਿੱਚ ਵਾਪਰੀ। ਬੁੱਧਵਾਰ ਨੂੰ ਜਾਰੀ ਕੀਤੀ ਗਈ ਰਲੀਜ਼ ਵਿੱਚ ਪੁਲਿਸ ਨੇ ਦੱਸਿਆ ਕਿ ਮਹਿਲਾ ਆਪਣੇ ਬੱਚੇ ਨਾਲ ਇਸ ਇਲਾਕੇ ਵਿੱਚ ਤੁਰੀ ਜਾ ਰਹੀ ਸੀ



ਜਦੋਂ ਮਸ਼ਕੂਕ ਨੇ ਪਿਛਲੇ ਪਾਸਿਓਂ ਆ ਕੇ ਕਿਸੇ ਤੇਜ਼ ਧਾਰ ਚੀਜ਼ ਨਾਲ ਉਸ ਦੀ ਧੌਣ ਉੱਤੇ ਵਾਰ ਕਰ ਦਿੱਤਾ।

ਫਿਰ ਮਸ਼ਕੂਕ ਡੈਸ ਨਿਊਮਨ ਬੁਲੇਵਾਰਡ ਉੱਤੇ ਦੱਖਣ ਵੱਲ ਪੈਦਲ ਹੀ ਫਰਾਰ ਹੋ ਗਿਆ। ਮਹਿਲਾ ਦਾ ਲੋਕਲ ਹਸਪਤਾਲ ਵਿੱਚ ਇਲਾਜ ਕਰਵਾਇਆ ਗਿਆ ਤੇ ਫਿਰ ਉਸ ਨੂੰ ਛੁੱਟੀ ਦੇ ਦਿੱਤੀ ਗਈ। ਪੁਲਿਸ ਨੇ ਦੱਸਿਆ ਕਿ ਇਸ ਘਟਨਾ ਵਿੱਚ ਬੱਚਾ ਜ਼ਖ਼ਮੀ ਨਹੀਂ ਹੋਇਆ। ਪੁਲਿਸ ਮਸ਼ਕੂਕ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮਸ਼ਕੂਕ ਸਾਊਥ ਏਸ਼ੀਅਨ ਲੱਗਦਾ ਹੈ, ਜਿਸ ਦੀ ਉਮਰ 20 ਸਾਲ ਦੇ ਨੇੜੇ ਤੇੜੇ ਹੈ ਤੇ ਉਸ ਦੀ ਕੱਦਕਾਠੀ ਦਰਮਿਆਨੀ ਤੇ ਵਾਲਾਂ ਦਾ ਰੰਗ ਕਾਲਾ ਹੈ। ਪੁਲਿਸ ਨੇ ਦੱਸਿਆ ਕਿ ਉਹ ਪੰਜ ਫੁੱਟ ਨੌਂ ਇੰਚ ਦਾ ਹੋ ਸਕਦਾ ਹੈ।

## ਅੱਜ ਨਾਮਾ

ਪਾਕਿਸਤਾਨ ਵਿੱਚ ਪਿਆ ਈ ਫੇਰ ਰੱਫੜ,
ਫੜਿਆ ਪੁਲਸੀਆਂ ਖਾਨ ਇਮਰਾਨ ਬੇਲੀ।
ਨਫਰੀ ਲਾਈ ਤਕੜੀ ਪਹਿਲਾਂ ਫੋਰਸਾਂ ਦੀ,
ਸੀਕਰੇਟ ਸਾਰਾਲਿਆ ਰੱਖ ਪਲਾਨ ਬੇਲੀ।
ਏਨੇ ਕੇਸ ਹਨ ਉਹਦੇ ਲਈ ਦਰਜ ਕੀਤੇ,
ਮੁਸ਼ਕਲ ਵਿੱਚ ਆ ਖਾਨ ਦੀ ਜਾਨ ਬੇਲੀ।
ਉਹਦੇ ਨਾਲ ਵੀ ਭੀੜ ਨਹੀਂ ਘੱਟ ਲੱਗਦੀ,
ਬਜ਼ੁਰਗਾਂ ਸਣੇ, ਪਰ ਬਹੁਤ ਜਵਾਨ ਬੇਲੀ।
ਹਾਲਤ ਜਿਸ ਤਰ੍ਹਾਂ ਜਾਪ ਰਹੀ ਬਣੀ ਜਾਂਦੀ,
ਸੁਧਰਨ ਵਾਲਾ ਨਹੀਂ ਕੋਈ ਅੰਦਾਜ਼ ਬੇਲੀ।
ਸਾਰੇ ਈ ਲੱਛਣ ਹਾਲਾਤ ਦੇ ਇਹ ਕਹਿੰਦੇ,
ਲੱਗਦਾ ਏ ਫੌਜ ਫਿਰ ਕਰੂਗੀ ਰਾਜ ਬੇਲੀ।

**ਤੀਸ ਮਾਰ ਖਾਂ**

# ਤੇਲੰਗਾਨਾ ’ਚ ਇੰਟਰਮੀਡੀਏਟ ਦੇ ਨਤੀਜਿਆਂ ਤੋਂ ਬਾਅਦ 6 ਵਿਦਿਆਰਥੀਆਂ ਵਲੋਂ ਖੁਦਕੁਸ਼ੀ

ਤੇਲੰਗਾਨਾ, 11 ਮਈ (ਪੋਸਟ ਬਿਊਰੋ): ਵਿਚ ਇੰਟਰਮੀਡੀਏਟ ਪ੍ਰੀਖਿਆ ਦੇ ਨਤੀਜਿਆਂ ਤੋਂ ਬਾਅਦ ਕਈ ਵਿਦਿਆਰਥੀਆਂ ਨੇ ਖੁਦਕੁਸ਼ੀ ਕਰ ਲਈ ਹੈ। ਪੁਲਿਸ ਇਸ ਪੂਰੇ ਮਾਮਲੇ ਦੀ ਜਾਂਚ ਕਰ ਰਹੀ ਹੈ। ਪੁਲਸ ਨੇ ਦੱਸਿਆ ਕਿ ਮੰਗਲਵਾਰ ਨੂੰ ਸੂਬੇ 'ਚ ਇੰਟਰਮੀਡੀਏਟ ਦੇ ਨਤੀਜੇ ਐਲਾਨੇ ਜਾਣ ਦੇ 24 ਘੰਟਿਆਂ ਦੇ ਅੰਦਰ ਤਿੰਨ ਲੜਕੀਆਂ ਸਮੇਤ ਛੇ ਵਿਦਿਆਰਥੀਆਂ ਨੇ ਖੁਦਕੁਸ਼ੀ ਕਰ ਲਈ। ਰਿਪੋਰਟਾਂ ਮੁਤਾਬਕ ਪੰਜ ਵਿਦਿਆਰਥੀਆਂ ਨੇ ਹੈਦਰਾਬਾਦ ਵਿਚ ਅਤੇ ਇੱਕ ਨੇ ਨਿਜ਼ਾਮਾਬਾਦ ਵਿੱਚ ਖੁਦਕੁਸ਼ੀ ਕੀਤੀ ਹੈ। ਪੁਲਿਸ ਨੇ ਦੱਸਿਆ ਕਿ ਹੈਦਰਾਬਾਦ ਦੇ ਵਨਸਥਲੀਪੁਰਮ ਵਿੱਚ ਇੱਕ 17 ਸਾਲਾ ਲੜਕੀ ਨੇ ਆਪਣੇ ਘਰ ਵਿੱਚ ਖੁਦਕੁਸ਼ੀ ਕਰ ਲਈ। ਰਾਏਦੁਰਗਮ ਵਿੱਚ, ਇੱਕ 16 ਸਾਲਾ ਲੜਕੀ, ਜੋ ਕਿ ਇੰਟਰਮੀਡੀਏਟ ਪਹਿਲੇ ਸਾਲ ਦੀ ਵਿਦਿਆਰਥਣ ਸੀ, ਨੇ ਖੁਦਕੁਸ਼ੀ ਕਰ ਲਈ। ਪੰਜਗੁਟਾ 'ਚ ਦੂਜੇ ਸਾਲ ਦੇ ਇੰਟਰਮੀਡੀਏਟ ਦੇ ਵਿਦਿਆਰਥੀ ਨੇ ਖੁਦਕੁਸ਼ੀ ਕਰ ਲਈ। ਦੋ ਲੜਕਿਆਂ, ਦੋ ਇੰਟਰਮੀਡੀਏਟ ਦੂਜੇ ਸਾਲ ਦੇ ਵਿਦਿਆਰਥੀਆਂ ਨੇ ਮੰਗਲਵਾਰ ਨੂੰ ਨੇਰੇਡਮੇਟ ਅਤੇ ਸੈਫਾਬਾਦ ਵਿੱਚ ਖੁਦਕੁਸ਼ੀ ਕਰ ਲਈ। ਇਮਤਿਹਾਨ 'ਚ ਫੇਲ ਹੋਏ ਪਹਿਲੇ ਸਾਲ ਦੇ ਇੰਟਰਮੀਡੀਏਟ ਦੇ ਵਿਦਿਆਰਥੀ ਨੇ ਨਿਜ਼ਾਮਾਬਾਦ ਦੇ ਆਰਮੂਰ 'ਚ ਖੁਦਕੁਸ਼ੀ ਕਰ ਲਈ। ਇਸ ਤੋਂ ਪਹਿਲਾਂ ਅਪਰੈਲ ਵਿੱਚ, ਤੇਲੰਗਾਨਾ ਦੇ ਮਹਿਬੂਬਾਬਾਦ ਜ਼ਿਲ੍ਹੇ ਵਿਚ ਇਕ ਸਰਕਾਰੀ ਰਿਹਾਇਸ਼ੀ ਸਕੂਲ ਵਿੱਚ ਪੜ੍ਹ ਰਹੇ ਇੱਕ ਕਬਾਇਲੀ ਵਿਦਿਆਰਥੀ ਨੇ ਇਸ ਡਰੋਂ ਖੁਦਕੁਸ਼ੀ ਕਰ ਲਈ ਕਿ ਉਹ ਐਮਬੀਬੀਐਸ ਦੀ ਸੀਟ ਪ੍ਰਾਪਤ ਕਰਨ ਲਈ ਲੋੜੀਂਦੇ ਅੰਕ ਪ੍ਰਾਪਤ ਨਹੀਂ ਕਰੇਗਾ। ਖੁਦਕੁਸ਼ੀ ਕਰਨ ਵਾਲੇ ਗੁਗੋਲੋਥ ਕ੍ਰਿਸ਼ਨਾ ਨੇ ਆਪਣੀ ਇੰਟਰਮੀਡੀਏਟ ਪ੍ਰੀਖਿਆ ਵਿਚ 1,000 ਵਿਚੋਂ 892 ਅੰਕ ਪ੍ਰਾਪਤ ਕੀਤੇ।

# ਕਰਾਚੀ ਸ਼ਿਪਯਾਰਡ ’ਚ ਚੀਨੀ ਨਾਗਰਿਕਾਂ ’ਤੇ ਹਮਲੇ ਦੀ ਯੋਜਨਾ ਨਾਕਾਮ, ਸ਼ੱਕੀ ਕੀਤਾ ਢੇਰ

ਕਰਾਚੀ, 11 ਮਈ (ਪੋਸਟ ਬਿਊਰੋ): ਪਾਕਿਸਤਾਨ ਦੇ ਬੰਦਰਗਾਹ ਸ਼ਹਿਰ ਕਰਾਚੀ ਵਿੱਚ ਇੱਕ ਸ਼ਿਪਯਾਰਡ ਵਿੱਚ ਕੰਮ ਕਰ ਰਹੇ ਚੀਨੀ ਨਾਗਰਿਕਾਂ ਉੱਤੇ ਜਾਨਲੇਵਾ ਹਮਲਾ ਕਰਨ ਦੀ ਸਾਜਿਸ਼ ਨੂੰ ਸੁਰੱਖਿਆ ਬਲਾਂ ਨੇ ਨਾਕਾਮ ਕਰ ਦਿੱਤਾ ਹੈ। ਸੁਰੱਖਿਆ ਬਲਾਂ ਨੇ ਹਮਲੇ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਅਤੇ ਇੱਕ ਸ਼ੱਕੀ ਆਤਮਘਾਤੀ ਹਮਲਾਵਰ ਨੂੰ ਮਾਰ ਦਿੱਤਾ। ਪੁਲਸ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਇਹ ਘਟਨਾ ਬੁੱਧਵਾਰ ਨੂੰ ਉਦੋਂ ਵਾਪਰੀ ਜਦੋਂ ਸੁਰੱਖਿਆ ਬਲਾਂ ਦੇ ਅਧਿਕਾਰੀਆਂ ਨੂੰ ਪਤਾ ਲੱਗਾ ਕਿ ਇਕ ਸ਼ੱਕੀ ਵਿਅਕਤੀ ਕਰਾਚੀ ਦੇ ਪੋਰਟ



ਕਾਸਿਮ ਵਿਚ ਇਕ ਸ਼ਿਪਯਾਰਡ ਵਿਚ ਕੰਮ ਕਰ ਰਹੇ ਚੀਨੀ ਨਾਗਰਿਕਾਂ 'ਤੇ ਆਤਮਘਾਤੀ ਹਮਲੇ ਦੀ ਯੋਜਨਾ ਬਣਾ ਰਿਹਾ ਹੈ।

ਸੀਨੀਅਰ ਪੁਲਿਸ ਸੁਪਰਡੈਂਟ ਹਸਨ ਸਰਦਾਰ ਨੇ ਕਿਹਾ ਕਿ ਜਵਾਨਾਂ ਨੇ ਸ਼ੱਕੀ ਅੱਤਵਾਦੀ ਨੂੰ ਗੋਲੀ ਮਾਰ ਦਿੱਤੀ। ਉਨ੍ਹਾਂ ਕਿਹਾ ਕਿ ਪੁਲਸ ਨੂੰ ਖੁਫੀਆ ਸੂਚਨਾ ਮਿਲੀ ਸੀ ਕਿ ਇਕ ਪਾਬੰਦੀਸ਼ੁਦਾ ਸੰਗਠਨ ਮੰਗਲਵਾਰ ਨੂੰ ਅੱਤਵਾਦੀ ਹਮਲੇ ਦੀ ਯੋਜਨਾ ਬਣਾ ਰਿਹਾ ਹੈ, ਜਿਸ ਤੋਂ ਬਾਅਦ ਵਿਦੇਸ਼ੀ ਕਰਮਚਾਰੀਆਂ ਦੀ ਸੁਰੱਖਿਆ ਵਧਾ ਦਿੱਤੀ ਗਈ ਅਤੇ ਇਸ ਦੌਰਾਨ ਅੱਤਵਾਦੀ ਮਾਰਿਆ ਗਿਆ।

ਸਰਦਾਰ ਮੁਤਾਬਕ ਜਦੋਂ ਸ਼ੱਕੀ ਵਿਅਕਤੀ ਨੂੰ ਸ਼ਿਪਯਾਰਡ 'ਚ ਵਿਦੇਸ਼ੀ ਨਾਗਰਿਕਾਂ ਵੱਲ ਵਧਦਾ ਦੇਖਿਆ ਗਿਆ ਤਾਂ ਸੁਰੱਖਿਆ ਬਲਾਂ ਨੇ ਉਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਪਰ ਮੁਕਾਬਲੇ ਦੌਰਾਨ ਸ਼ੱਕੀ ਨੇ ਗੋਲੀਆਂ ਵੀ ਚਲਾ ਦਿੱਤੀਆਂ। ਬਾਅਦ ਵਿਚ ਉਸ ਨੂੰ ਜਵਾਨਾਂ ਨੇ ਗੋਲੀ ਮਾਰ ਦਿੱਤੀ। ਪੁਲਿਸ ਨੂੰ ਸ਼ੱਕੀ ਦੀ ਲਾਸ਼ ਦੇ ਕੋਲ ਇੱਕ ਆਤਮਘਾਤੀ ਵੇਸਟ, ਵਿਸਫੋਟਕ, ਇੱਕ ਡੈਟੋਨੇਟਰ ਅਤੇ ਇੱਕ ਕਲਾਸ਼ਨੀਕੋਵ ਰਾਈਫਲ ਅਤੇ ਕਾਰਤੂਸ ਮਿਲੇ ਹਨ।

ਸਰਦਾਰ ਨੇ ਕਿਹਾ, ਅੱਤਵਾਦੀ ਨੇ ਵੀ ਗੋਲੀਬਾਰੀ ਕੀਤੀ ਜਿਸ ਵਿੱਚ ਇੱਕ ਪੁਲਿਸ ਮੁਲਾਜ਼ਮ ਜ਼ਖਮੀ ਹੋ ਗਿਆ। ਘਟਨਾ ਤੋਂ ਬਾਅਦ ਸਰਦਾਰ ਨੇ ਕਿਹਾ ਕਿ ਚੀਨ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਵਿਦੇਸ਼ੀ ਨਾਗਰਿਕਾਂ ਦੀ ਸੁਰੱਖਿਆ ਅਤੇ ਨਿਗਰਾਨੀ ਲਈ 24 ਘੰਟੇ ਖੁਫੀਆ ਆਧਾਰਿਤ ਨਿਗਰਾਨੀ ਵਧਾਉਣ ਲਈ ਸਹਿਮਤ ਹੋ ਗਈਆਂ ਹਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Forklift Training
Forklift $79 Recertification
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਆਓ ਕਿਤਾਬਾਂ ਨੂੰ ਬਜਟ ਵਿੱਚ ਥਾਂ ਦੇਈਏ

ਹਰ ਕੋਈ ਆਪਣੀ ਆਮਦਨ , ਜ਼ਰੂਰਤਾਂ , ਖਰਚ ਆਦਿ ਦੇ ਅਨੁਸਾਰ ਆਪਣਾ ਨਿਰਧਾਰਿਤ ਬਜਟ ਨਿਸ਼ਚਿਤ ਕਰਕੇ ਯੋਜਨਾਬੰਦੀ ਬਣਾ ਰੱਖਦਾ ਹੈ । ਇਸ ਯੋਜਨਾਬੰਦੀ ਵਿੱਚ ਅਨੇਕਾਂ ਵਸਤਾਂ , ਜ਼ਰੂਰਤਾਂ , ਖਰੀਦਦਾਰੀਆਂ , ਮਨੋਰੰਜਨ ਸਾਧਨਾਂ ਅਤੇ ਮੁਢਲੀਆਂ ਜ਼ਰੂਰਤਾਂ ਨੂੰ ਪਹਿਲ ਦਿੱਤੀ ਜਾਂਦੀ ਹੈ । ਜੋ ਕਿ ਘਰ - ਪਰਿਵਾਰ ਚਲਾਉਣ ਲਈ ਬਹੁਤ ਜ਼ਰੂਰੀ ਹੈ , ਪਰ ਅਕਸਰ ਦੇਖਣ ਵਿੱਚ ਆਉਂਦਾ ਹੈ ਕਿ ਅਸੀਂ ਆਪਣੀਆਂ ਵੱਖ - ਵੱਖ ਜ਼ਰੂਰਤਾਂ ਅਤੇ ਲੋੜਾਂ ਦੇ ਅਨੁਸਾਰ ਤਾਂ ਪੈਸੇ ਦਾ ਪ੍ਰਬੰਧ ਕਰਦੇ ਹੀ ਹਾਂ , ਪਰ ਆਪਣੇ ਬੌਧਿਕ ਤੇ ਮਾਨਸਿਕ ਵਿਕਾਸ ਦੇ ਲਈ ਇਸ ਵੱਲ ਉਚੇਚਾ ਧਿਆਨ ਦੇਣ ਤੋਂ ਅਵੇਸਲੇ ਹੋ ਜਾਂਦੇ ਹਾਂ । ਇਸ ਤੋਂ ਇਲਾਵਾ ਦੇਖਣ ਵਿੱਚ ਇਹ ਵੀ ਆਉਂਦਾ ਹੈ ਕਿ ਅਸੀਂ ਜਦੋਂ ਵੀ ਬਾਜ਼ਾਰ ਆਦਿ ਵਿੱਚ ਖਰੀਦਦਾਰੀ ਕਰ ਰਹੇ ਹੁੰਦੇ ਹਾਂ , ਤਾਂ ਹੋਰ ਸਸਤੀ ਤੇ ਮਹਿੰਗੀ ਵੱਖ - ਵੱਖ ਤਰ੍ਹਾਂ ਦੀ ਖਰੀਦਦਾਰੀ ਕਰਦੇ ਹੀ ਹਾਂ ਅਤੇ ਕਾਫੀ ਖ਼ਰਚਾ ਵੀ ਕਰਦੇ ਹਾਂ , ਪਰ ਚੰਗੀਆਂ ਅਤੇ ਜੀਵਨ ਸੇਧ ਦੇਣ ਵਾਲੀਆਂ ਕਿਤਾਬਾਂ - ਰਸਾਲੇ ਆਦਿ ਖ਼ਰੀਦਣ ਤੋਂ ਗੁਰੇਜ਼ ਕਰਨ ਲੱਗ ਪੈਂਦੇ ਹਾਂ ਅਤੇ ਅਜਿਹੀ ਖਰੀਦਦਾਰੀ ਵੱਲ ਬਹੁਤਾ ਧਿਆਨ ਨਹੀ ਦਿੰਦੇ । ਅਕਸਰ ਇਹ ਵੀ ਦੇਖਣ ਵਿੱਚ ਆਉਂਦਾ ਹੈ ਕਿ ਵੀਹ ਤੋਂ ਪੰਜਾਹ ਲੱਖ ਰੁਪਏ ਤੱਕ ਦੀ ਬਣਾਈ ਕੋਠੀ /ਘਰ ਵਿੱਚ ਹੋਰ ਭੌਤਿਕ ਸੁੱਖ - ਸਹੂਲਤਾਂ ਦੇ ਸਾਧਨਾਂ ਦੀ ਤਾਂ ਬਹੁਤ ਭਰਮਾਰ ਹੁੰਦੀ ਹੈ , ਪਰ ਇੰਨੀ ਮਹਿੰਗੀ ਕੋਠੀ ਜਾਂ ਘਰ ਵਿੱਚ ਕੋਈ ਕਿਤਾਬ ਲੱਭਿਆਂ ਵੀ ਨਹੀਂ ਮਿਲਦੀ । ਜੋ ਕਿ ਸਾਡੇ ਲਈ, ਸਾਡੇ ਸਮਾਜ ਲਈ ਅਤੇ ਸਾਡੇ ਪਰਿਵਾਰ ਦੇ ਲਈ ਬਹੁਤ ਚਿੰਤਾ ਵਾਲੀ ਗੱਲ ਹੈ, ਕਿਉਂਕਿ ਘਰ - ਪਰਿਵਾਰ ਵਿੱਚ ਮੌਜੂਦ ਕਿਤਾਬਾਂ , ਰਸਾਲੇ , ਅਖਬਾਰਾਂ ਆਦਿ ਪਰਿਵਾਰਕ ਜੀਆਂ ਦੇ ਬੌਧਿਕ ਪੱਧਰ , ਉਨ੍ਹਾਂ ਦੀ ਸੋਚ ਅਤੇ ਉਨ੍ਹਾਂ ਦੇ ਗਿਆਨ ਦੀ ਝਲਕ ਹੁੰਦੀਆਂ ਹਨ । ਇੱਥੋਂ ਹੀ ਪਰਿਵਾਰ ਦੀ ਬੌਧਿਕਤਾ, ਸੋਚ ਅਤੇ ਗਿਆਨ ਦਾ ਪਤਾ ਲੱਗਦਾ ਹੈ । ਇਸ ਵਿੱਚ ਕੋਈ ਦੋ - ਰਾਏ ਨਹੀਂ ਕਿ ਬੌਧਿਕ ਖੁਸ਼ਹਾਲੀ , ਬੌਧਿਕ ਪ੍ਰਫੁੱਲਤਾ ਅਤੇ ਬੌਧਿਕ ਤੇ ਮਾਨਸਿਕ ਵਿਕਾਸ ਦੇ ਲਈ ਚੰਗੀਆਂ ਕਿਤਾਬਾਂ ਅਤੇ ਰਸਾਲਿਆਂ ਦੀ ਹੀ ਬਹੁਤ ਵੱਡੀ ,



ਮਹੱਤਵਪੂਰਨ ਅਤੇ ਅਹਿਮ ਭੂਮਿਕਾ ਹੁੰਦੀ ਹੈ ।ਇਹ ਪੁਸਤਕਾਂ ਸਾਨੂੰ ਉਚੇਚਾ ਗਿਆਨ ਪ੍ਰਦਾਨ ਕਰਕੇ ਸਾਡਾ ਬੌਧਿਕ ਪੱਧਰ ਉੱਚਾ ਤੇ ਸੁੱਚਾ ਬਣਾ ਦਿੰਦੀਆਂ ਹਨ । ਜਿਸ ਬਾਰੇ ਕਿ ਅਸੀਂ ਕਈ ਵਾਰ ਸੋਚ ਵੀ ਨਹੀਂ ਸਕਦੇ । ਚੰਗੀਆਂ ਕਿਤਾਬਾਂ - ਰਸਾਲੇ ਸਾਡੀ ਸ਼ਬਦਾਵਲੀ ਵਿੱਚ ਵਾਧਾ



ਸਟੇਟ ਐਵਾਰਡੀ
ਮਾਸਟਰ ਸੰਜੀਵ ਧਰਮਾਣੀ ,
ਇੰਡੀਆ ਬੁੱਕ ਆੱਫ਼ ਰਿਕਾਰਡਜ਼ ਹੋਲਡਰ
ਸ੍ਰੀ ਅਨੰਦਪੁਰ ਸਾਹਿਬ
9478561356।

ਕਰਦੇ ਹੀ ਹਨ , ਨਾਲ ਹੀ ਦੇਸ਼ - ਵਿਦੇਸ਼ , ਇਤਿਹਾਸ , ਤੱਤਕਾਲੀਨ ਸਮੇਂ ਬਾਰੇ ਅਤੇ ਹੋਰ ਜਾਗਰੂਕਤਾ ਪੈਦਾ ਕਰਕੇ ਸਾਨੂੰ ਸੂਝਵਾਨ ਨਾਗਰਿਕ ਵੀ ਬਣਾਉਂਦੇ ਹਨ । ਅਸੀਂ ਚੰਗੀਆਂ ਕਿਤਾਬਾਂ ਪੜ੍ਹ ਕੇ ਅਤੇ ਚੰਗੇ ਰਸਾਲੇ ਪੜ੍ਹ ਕੇ ਚੰਗੇ ਮੁਕਾਮ ਵੀ ਹਾਸਲ ਕਰ ਸਕਦੇ ਹਾਂ । ਚੰਗੀਆਂ ਪੁਸਤਕਾਂ ਤੇ ਚੰਗੇ ਰਸਾਲਿਆਂ ਦੀ ਸਿਫ਼ਤ ਕਰਨਾ ਸ਼ਾਇਦ ਕਲਮ ਦੇ ਵੱਸ ਵਿੱਚ ਨਹੀਂ ਹੈ । ਚੰਗੀਆਂ ਕਿਤਾਬਾਂ ਸਾਨੂੰ ਕੀ ਕੁਝ ਦੇ ਛਡਦੀਆਂ ਹਨ , ਇਹ ਤਾਂ ਕਿਤਾਬਾਂ ਪੜ੍ਹਨ ਵਾਲੇ ਕਿਤਾਬਾਂ ਦੇ ਰਸੀਏ ਹੀ ਜਾਣ ਸਕਦੇ ਹਨ । ਚੰਗੀਆਂ ਕਿਤਾਬਾਂ ਪੜ੍ਹਨਾ ਸਾਡੀ ਰੂਹ ਦੀ ਖ਼ੁਰਾਕ ਲਈ ਬਹੁਤ ਹੀ ਜ਼ਰੂਰੀ ਹੈ । ਵਿਦਵਾਨਾਂ ਦਾ ਵੀ ਕਥਨ ਹੈ ਕਿ ਕਿਤਾਬਾਂ ਪੜ੍ਹਨਾ ਮਨੋਰੰਜਨ ਦਾ ਬਹੁਤ ਵੱਡਾ ਸਾਧਨ ਹੈ। ਸਾਡੇ ਮਹਾਨ ਵਿਦਵਾਨ , ਮਹਾਂਪੁਰਖ , ਬੁੱਧੀਜੀਵੀ ਤੇ ਦੇਸ਼ ਭਗਤ ਕਿਸੇ ਨਾ ਕਿਸੇ ਤਰ੍ਹਾਂ ਚੰਗੀਆਂ ਕਿਤਾਬਾਂ , ਚੰਗੇ ਰਸਾਲਿਆਂ , ਅਖ਼ਬਾਰਾਂ ਆਦਿ ਨਾਲ ਜੁੜੇ ਹੀ ਰਹੇ। ਕਿਤਾਬਾਂ ਜਿੱਥੇ ਸਾਡਾ ਮਨੋਰੰਜਨ ਕਰਦੀਆਂ ਹਨ , ਉੱਥੇ ਸਾਨੂੰ ਵੱਡੇ - ਵੱਡੇ ਮੁਕਾਮ ਵੀ ਹਾਸਲ ਕਰਵਾਉਣ ਵਿਚ ਸਾਡੀ ਸਹਇਤਾ ਕਰਦੀਆਂ ਹਨ। ਇਸ ਸਭ ਦੇ ਲਈ ਜ਼ਰੂਰੀ ਹੈ ਕਿ ਅਸੀਂ ਆਪਣੇ ਬਜਟ ਵਿੱਚ ਚੰਗੀਆਂ ਕਿਤਾਬਾਂ , ਚੰਗੇ ਰਸਾਲਿਆਂ ਅਤੇ ਅਖ਼ਬਾਰਾਂ ਨੂੰ ਜ਼ਰੂਰ ਥਾਂ ਦੇਈਏ , ਤਾਂ ਜੋ ਘਰ ਦੇ ਵਿੱਚ ਹੋਰ ਸਾਰੇ ਵਿਕਾਸ ਹੋਣ ਦੇ ਨਾਲ - ਨਾਲ ਪਰਿਵਾਰ ਦਾ ਬੌਧਿਕ ਤੇ ਮਾਨਸਿਕ ਵਿਕਾਸ ਵੀ ਜ਼ਰੂਰ ਹੋਵੇ ਅਤੇ ਜੇਕਰ ਘਰ ਦੇ ਵਿੱਚ ਨਿਰਧਾਰਿਤ ਥਾਂ 'ਤੇ ਛੋਟੀ - ਵੱਡੀ ਲਾਇਬ੍ਰੇਰੀ ਬਣਾ ਲਈ ਜਾਵੇ ਤਾਂ ਇਹ ਸੋਨੇ 'ਤੇ ਸੁਹਾਗੇ ਵਾਲੀ ਗੱਲ ਹੋਵੇਗੀ ; ਕਿਉਂਕਿ ਕਿਤਾਬਾਂ ਸਾਡੇ ਦਿਲ - ਦਿਮਾਗ ਦੀਆਂ ਖਿੜਕੀਆਂ ਅਤੇ ਰੋਸ਼ਨਦਾਨ ਵਾਂਗ ਹੀ ਹੁੰਦੀਆਂ ਹਨ । ਇੱਥੇ ਹੀ ਬੱਸ ਨਹੀਂ ਕਿ ਕਿਤਾਬਾਂ ਲਈ ਢੁੱਕਵਾਂ ਬਜਟ ਬਣਾ ਲਿਆ ਜਾਵੇ ਜਾਂ ਘਰ ਵਿੱਚ ਛੋਟੀ - ਮੋਟੀ ਲਾਇਬ੍ਰੇਰੀ ਬਣਾ ਲਈ ਜਾਵੇ , ਸਗੋਂ ਇਹ ਵੀ ਬਹੁਤ ਜ਼ਰੂਰੀ ਹੈ ਕਿ ਖਰੀਦੀਆਂ ਗਈਆਂ ਪੁਸਤਕਾਂ - ਰਸਾਲਿਆਂ ਨੂੰ ਜ਼ਰੂਰ ਹੀ ਸਮਾਂ ਕੱਢ ਕੇ ਪੜ੍ਹਿਆ ਵੀ ਜਾਵੇ ਅਤੇ ਪਰਿਵਾਰਕ ਮੈਂਬਰਾਂ ਅਤੇ ਸਬੰਧੀਆਂ ਨੂੰ ਵੀ ਕਿਤਾਬਾਂ ਪੜ੍ਹਨ ਦੀ ਚੇਟਕ ਲਗਾਈ ਜਾਵੇ । ਕਦੇ ਵੀ ਇਹ ਭੁੱਲ ਨਹੀਂ ਕਰਨੀ ਚਾਹੀਦੀ ਕਿ ਕਿਤਾਬਾਂ ਪੜ੍ਹਨੀਆਂ ਤਾਂ ਸਮਾਂ ਵਿਅਰਥ ਗਵਾਉਣ ਵਾਲ਼ੀ ਗੱਲ ਹੈ । ਕਿਉਂਕਿ ਕਿਤਾਬਾਂ ਨਾਲ ਪਾਇਆ ਪਿਆਰ ਅਤੇ ਕਿਤਾਬਾਂ ਲਈ ਦਿੱਤਾ ਗਿਆ ਸਮਾਂ ਜ਼ਿੰਦਗੀ ਵਿੱਚ ਸਾਨੂੰ ਕੁਝ ਨਾ ਕੁਝ ਕਦੇ ਨਾ ਕਦੇ ਜ਼ਰੂਰ ਕੁੱਝ ਦੇ ਕੇ ਹੀ ਜਾਂਦਾ ਹੈ ।


# ਭਾਰਤ ਦੇਸ਼ ਵਿੱਚ ਭ੍ਰਿਸ਼ਟਾਚਾਰ ਦੇ ਰਿਕਾਰਡ ਵੀ ਟੁੱਟਦੇ ਫਿਰਦੇ ਹਨ ਤੇ ਆਸਾਂ ਦੇ ਕਿੰਗਰੇ ਵੀ

ਅੱਜ ਤੋਂ ਤੀਹ ਕੁ ਸਾਲ ਪਹਿਲਾਂ ਅਸੀਂ ਕਿਸੇ ਸੈਮੀਨਾਰ ਵਿੱਚ ਇਕੱਠੇ ਹੋਏ ਤਾਂ ਜਲੰਧਰ ਦਾ ਇੱਕ ਪੱਤਰਕਾਰ ਦੱਸ ਰਿਹਾ ਸੀ ਕਿ ਬੀ ਐੱਮ ਸੀ ਚੌਕ ਲਾਗੇ ਇੱਕ ਕੋਠੀ ਇੱਕ ਕਰੋੜ ਰੁਪਏ ਤੋਂ ਵੱਧ ਦੀ ਵਿਕ ਗਈ ਹੈ ਤੇ ਇਸ ਸ਼ਹਿਰ ਵਿੱਚ ਪਹਿਲੀ ਵਾਰ ਕੋਈ ਕੋਠੀ ਇੱਕ ਕਰੋੜ ਤੋਂ ਵੱਧ ਵਿਕਣ ਕਾਰਨ ਹਰ ਕੋਈ ਹੈਰਾਨ ਹੈ। ਅਸੀਂ ਕਿਹਾ ਸੀ ਕਿ ਇਹ ਤਾਂ ਹੱਦ ਹੈ, ਇਸ ਤੋਂ ਵੱਧ ਰੇਟ ਚੜ੍ਹਨ ਬਾਰੇ ਸੋਚਿਆ ਵੀ ਨਹੀਂ ਜਾ ਸਕਦਾ। ਇੱਕ ਹੋਰ ਪੱਤਰਕਾਰ ਨੇ ਗੱਲ ਕੱਟ ਕੇ ਕਿਹਾ ਸੀ ਕਿ ਇਹ ਵੀ ਕੋਈ ਆਖਰੀ ਹੱਦ ਨਹੀਂ, ਅਗਲੇ ਦਿਨਾਂ ਵਿੱਚ ਏਦੂੰ ਵੱਧ ਰੇਟ ਚੜ੍ਹਦੇ ਵੇਖ ਲਵੋਗੇ ਅਤੇ ਸ਼ਹਿਰੀ ਜਾਇਦਾਦਾਂ ਦੇ ਰੇਟ ਚੜ੍ਹਦੇ ਹੋਏ ਕਿੱਥੋਂ ਤੱਕ ਚਲੇ ਜਾਣਗੇ, ਇਸ ਬਾਰੇ ਕੋਈ ਸੋਚ ਵੀ ਨਹੀਂ ਸਕਦਾ। ਫਿਰ ਗੱਲ ਰਾਜਨੀਤੀ ਬਾਰੇ ਚੱਲਣ ਲੱਗੀ ਤਾਂ ਓਦੋਂ ਦੀ ਨਰਸਿਮਹਾ ਰਾਉ ਸਰਕਾਰ ਵਿੱਚ ਹੋਏ ਘਪਲਿਆਂ ਤੇ ਸ਼ੇਅਰ ਬਾਜ਼ਾਰ ਦੇ ਸਕੈਂਡਲਾਂ ਉੱਤੇ ਆ ਗਈ ਤੇ ਮੈਥੋਂ ਫਿਰ ਇਹ ਗੱਲ ਕਹੀ ਗਈ ਕਿ ਏਨੇ ਸਕੈਂਡਲ ਵੀ ਇੱਕ ਰਿਕਾਰਡ ਹਨ, ਇਨ੍ਹਾਂ ਨੂੰ ਅੱਗੋਂ ਕੋਈ ਸ਼ਾਇਦ ਤੋੜ ਨਹੀਂ ਸਕੇਗਾ। ਉਹ ਪਹਿਲਾ ਪੱਤਰਕਾਰ ਹੱਸ ਕੇ ਕਹਿਣ ਲੱਗਾ, ਤੁਸੀਂ ਥੋੜ੍ਹੀ ਦੇਰ ਪਹਿਲਾਂ ਜਾਇਦਾਦਾਂ ਬਾਰੇ ਸੁਣਿਆ ਸੀ, ਜਿਵੇਂ ਜਾਇਦਾਦਾਂ ਦੇ ਭਾਅ ਵਧਣ ਤੋਂ ਨਹੀਂ ਰੁਕਣੇ, ਓਦਾਂ ਰਾਜਨੀਤੀ ਦੇ ਸਕੈਂਡਲਾਂ ਦੀ ਕੋਈ ਹੱਦ ਮਿਥਣ ਵਾਲੀ ਗੱਲ ਵੀ ਕਦੀ ਨਹੀਂ ਹੋ ਸਕਦੀ। ਮੈਂ ਉਨ੍ਹਾਂ ਸਾਰਿਆਂ ਸਾਹਮਣੇ ਆਪਣੇ ਆਪ ਨੂੰ ਫਸਿਆ ਸੋਚਦਾ ਸਾਂ ਤੇ ਉਹ ਪੱਤਰਕਾਰੀ ਦੇ ਪਿੜ ਵਿੱਚ ਮੇਰੇ ਨਾਲੋਂ ਪਹਿਲਾਂ ਦੇ ਹੋਣ ਕਾਰਨ ਉਨ੍ਹਾਂ ਦੀ ਗੱਲ ਵਿੱਚ ਰਾਜਨੀਤੀ ਦਾ ਅਮਲੀ ਤਜਰਬਾਝਲਕਦਾ ਸੀ। ਅੱਜ ਤੀਹ ਸਾਲ ਲੰਘ ਜਾਣ ਪਿੱਛੋਂ ਜਲੰਧਰ ਸ਼ਹਿਰ ਵਿੱਚ ਇੱਕ ਕੋਠੀ ਨਹੀਂ, ਮਾਡਲ ਟਾਊਨ ਮਾਰਕੀਟ ਵਿੱਚ ਇੱਕ ਮਰਲਾ ਜਗ੍ਹਾ ਵੀ ਇੱਕ ਕਰੋੜ ਰੁਪਏ ਤੋਂ ਵੱਧ ਮੁੱਲ ਉੱਤੇ ਵਿਕ ਰਹੀ ਦੱਸੀ ਜਾਂਦੀ ਹੈ, ਤੇ ਇਹੋ ਹਾਲ ਰਾਜਨੀਤੀ ਦੇ ਸਕੈਂਡਲਾਂ ਦਾ ਹੈ।

ਨਰਸਿਮਹਾ ਰਾਉ ਦੇ ਰਾਜ ਵਿੱਚ ਹੁੰਦੇ ਰਹੇ ਸਰਬ ਪੱਖੀ ਭ੍ਰਿਸ਼ਟਾਚਾਰ ਦੀ ਬਦਨਾਮੀ ਓਦੋਂ ਹੀ ਥੋੜੀ ਹੋ ਗਈ, ਜਦੋਂ ਬਹੁਤ ਈਮਾਨਦਾਰ ਗਿਣਿਆ ਜਾਂਦਾ ਡਾਕਟਰ ਮਨਮੋਹਨ ਸਿੰਘ ਸਿਆਸੀ ਘਟਨਾਵਾਂ ਦੇ ਵਾਵਰੋਲੇ ਵਿੱਚ ਭਾਰਤ ਦਾ ਪ੍ਰਧਾਨ ਮੰਤਰੀ ਬਣ ਗਿਆ ਸੀ। ਮਨਮੋਹਨ ਸਿੰਘ ਈਮਾਨਦਾਰ ਸੀ, ਈਮਾਨਦਾਰ ਉਹ ਅੱਜ ਵੀ ਕਿਹਾ ਜਾ ਸਕਦਾ ਹੈ, ਪਰ ਦੂਸਰਾ ਪੱਖ ਇਹ ਹੈ ਕਿ ਜਿਹੜੀਆਂ ਦੋ ਸਰਕਾਰਾਂ ਦੀਉਸ ਨੇ ਦਸ ਸਾਲ ਅਗਵਾਈ ਕੀਤੀ, ਭਾਰਤ ਦੇ ਓਦੋਂ ਤੀਕਰ ਦੇ ਇਤਹਾਸ ਵਿੱਚ ਸਭ ਤੋਂ ਵੱਧ ਭ੍ਰਿਸ਼ਟਾਚਾਰ ਦੇ ਵਹਿਣ ਵਾਲੀਆਂ ਸਾਬਤ ਹੋਈਆਂ ਸਨ। ਓਸੇ ਸਰਕਾਰ ਦੌਰਾਨ ਕਾਮਨਵੈੱਲਥ ਖੇਡਾਂ ਦੇ ਸੱਤਰ ਹਜ਼ਾਰ ਕਰੋੜ ਰੁਪਏ ਦੇ ਘੋਟਾਲੇ ਦਾ ਰੌਲਾ ਪਿਆ ਤੇ ਓਸੇ ਰਾਜ ਵਿੱਚ ਟੈਲੀਕਾਮ ਦੇ ਟੂ-ਜੀ ਸਪੈਕਟਰਮ ਅਲਾਟ ਕਰਨ ਵਿੱਚ ਪੌਣੇ ਦੋ ਲੱਖ ਕਰੋੜ ਰੁਪਏਵਾਲਾ ਘਪਲਾ ਹੋਇਆ ਸੀ। ਸਾਰੇ ਲੋਕ ਕਹਿੰਦੇ ਸਨ ਕਿ ਪੌਣੇ ਦੋ ਲੱਖ ਕਰੋੜ ਰੁਪਏ ਦਾ ਇੱਕ ਘਪਲਾ ਹੋਣ ਦੇ ਬਾਅਦ ਏਦੂੰ ਵੱਡਾ ਘਪਲਾ ਕੋਈ ਹੋ ਨਹੀਂ ਸਕਦਾ, ਪਰ ਮਨਮੋਹਨ ਸਿੰਘ ਦੇ ਰਾਜ ਵਿਚ ਹੀ ਦਸ ਲੱਖ ਕਰੋੜ ਦਾ ਕੋਲਾ ਘੋਟਾਲਾ ਵੀ ਵਾਪਰ ਗਿਆ ਤਾਂ ਹਰ ਕੋਈ ਮੂੰਹ ਵਿੱਚ ਉਂਗਲਾਂ ਦੇਈ ਫਿਰਦਾ ਸੀ।

ਇਹ ਉਹ ਵਕਤ ਸੀ, ਜਦੋਂ ਭਾਰਤੀ ਜਨਤਾ ਪਾਰਟੀ ਅਗਲੀ ਲੋਕ ਸਭਾ ਚੋਣ ਲਈ ਆਪਣਾ ਪਹਿਲਾ ਵੱਡਾ ਲੀਡਰ ਲਾਲ ਕ੍ਰਿਸ਼ਨ ਅਡਵਾਨੀ ਲਾਂਭੇ ਕਰ ਕੇ ਗੁਜਰਾਤ ਦੇ ਮੁੱਖ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਿਆਸੀ ਭੇੜ ਲਈ ਮੈਦਾਨ ਵਿੱਚ ਆਈ ਸੀ।ਨਵਾਂ ਆਗੂ ਕਹਿੰਦਾ ਸੀ ਕਿ 'ਮੈਂ ਨਾ ਖਾਊਂਗਾ, ਨਾ ਕਿਸ ਨੂੰ ਖਾਣ ਦੇਊਂਗਾ।' ਓਦੋਂ ਭ੍ਰਿਸ਼ਟਾਚਾਰ ਤੋਂ ਸਤਾਏ ਹੋਏ ਭਾਰਤੀ ਲੋਕਾਂ ਨੇ ਉਸ ਦਾ ਵਿਸ਼ਵਾਸ ਕੀਤਾ ਤੇ ਉਸ ਦੇ ਹੱਥ ਅਗਵਾਈ ਆ ਗਈ। ਫਿਰ ਜੋ ਭਾਰਤ ਵਿੱਚ ਹੋਇਆ, ਉਸ ਦੀ ਲੰਮੀ ਗਾਥਾ ਲਿਖਣ ਦੀ ਖੇਚਲ ਕਰਨ ਦੀ ਲੋੜ ਨਹੀਂ, ਮਾਮਲਾ ਤਾਜ਼ਾ ਹੋਣ ਕਾਰਨਦੇਸ਼ ਦੇ ਬੱਚੇ-ਬੱਚੇ ਨੂੰ ਉਂਜ ਵੀ ਪਤਾ ਹੈ। ਨਰਿੰਦਰ ਮੋਦੀ ਦੇ ਪ੍ਰਧਾਨ ਮੰਤਰੀ ਬਣ ਜਾਣ ਦੇ ਬਾਅਦਇਸ ਗਾਥਾ ਦਾ ਸਭ ਤੋਂ ਚਰਚਿਤ ਪਾਤਰਉਦਯੋਗਪਤੀ ਗੌਤਮ ਅਡਾਨੀ ਤੇਜ਼ੀ ਨਾਲ ਉੱਭ ਕੇ ਸੰਸਾਰ ਵਿੱਚ ਛਾ ਗਿਆ। ਉਹ ਸੰਸਾਰ ਦੇ ਵੱਡੇ ਤਿੰਨ ਉਦਯੋਗਪਤੀਆਂ ਵਿੱਚ ਆ ਗਿਆ, ਪਰ ਹਿੰਡਨਬਰਗ ਰਿਪੋਰਟ ਦੇ ਇੱਕ ਝਟਕੇ ਨਾਲ ਨਾ ਤਿੰਨਾਂ ਵਿੱਚ ਤੇ ਨਾ ਤੇਰਾਂ ਵਿੱਚ ਰਹਿ ਗਿਆ, ਅੱਜ ਕੱਲ੍ਹ ਤੇਈਵੇਂ ਨੰਬਰ ਤੋਂ ਹੇਠਾਂ ਡਿੱਗਾ ਸੁਣੀਂਦਾ ਹੈ। ਉਸ ਦੀ ਚੜ੍ਹਤ ਵਿੱਚ ਭਾਰਤ ਦੀ ਮੌਜੂਦਾ ਸਰਕਾਰ, ਜਿਹੜੀ ਅੱਜਕੱਲ੍ਹ 'ਡਬਲ ਇੰਜਨ ਦੀ ਸਰਕਾਰ' ਦਾ ਨਾਅਰਾ ਰੋਹਬ ਨਾਲ ਚੁੱਕਦੀ ਹੈ, ਨੇ ਏਦਾਂ ਰਾਤ-ਦਿਨ ਸਾਥ ਦਿੱਤਾ ਕਿ ਡਬਲ ਇੰਜਨ ਹੀ ਨਹੀਂ, ਪੰਜ-ਛੇ ਇੰਜਣਾਂ ਵਾਲੀ ਸਪੀਡ ਫੜੀ ਰੱਖੀ। ਫਿਰ ਜਦੋਂ ਅਡਾਨੀ ਦੇ ਖਿਲਾਰੇ ਦਾ ਰੌਲਾ ਪੈ ਗਿਆ, ਦੁਨੀਆ ਭਰ ਵਿੱਚ ਕਿਹਾ ਜਾਣ ਲੱਗ ਪਿਆ ਕਿ ਉਸ ਦੇ ਉੱਖੜੇ ਪੈਰ ਦੋਬਾਰਾ ਨਹੀਂ ਲੱਗ ਸਕਣੇ ਤਾਂ ਉਸ ਵੇਲੇ ਵੀ ਭਾਰਤ ਸਰਕਾਰ ਨੇ ਆਪਣਾ ਸਾਰਾ ਤਾਣ ਅਡਾਨੀ ਗਰੁੱਪ ਨੂੰ ਹੋਰ ਗਰਕਣ ਤੋਂ ਬਚਾ ਕੇ ਫਿਰ ਬਾਕੀ ਸਾਰਿਆਂ ਦਾ ਬਾਪ ਬਣਾਉਣ ਉੱਤੇ ਲਾਈ ਰੱਖਿਆ ਅਤੇ ਕਾਫੀ ਹੱਦ ਤੱਕ ਇਸ ਵਿੱਚ ਕਾਮਯਾਬ ਵੀ ਰਹੀ ਹੈ। ਭਾਰਤ ਦੇ ਲੋਕ ਬੜੇ ਖੁੱਲ੍ਹ-ਦਿਲੇ ਸੁਭਾਅ ਵਾਲੇ ਹਨ, ਕਾਂਗਰਸ ਦਾ ਭ੍ਰਿਸ਼ਟਾਚਾਰ ਵੀ ਬਰਦਾਸ਼ਤ ਕਰਦੇ ਰਹੇ ਸਨ, ਅਡਾਨੀ ਦੀ ਸਰਪ੍ਰਸਤੀ ਕਰਨ ਵਾਲਿਆਂ ਦਾ ਸਭ ਕੁਝ ਹੁੰਦਾ ਵੇਖ ਕੇ ਵੀ ਉਹਦਾ ਵਿਰੋਧ ਕਰਨ ਦੀ ਥਾਂ 'ਜਿਹੜਾ ਕਰੂਗਾ, ਆਪੇ ਭਰੂਗਾ, ਸਾਨੂੰ ਕੀ' ਦੀ ਨੀਤੀ ਵਰਤ ਰਹੇ ਹਨ।

ਏਧਰ ਸਾਡਾ ਪੰਜਾਬ ਵੀ ਇਸ ਮਰਜ਼ ਤੋਂ ਬਚਿਆ ਹੋਇਆ ਨਹੀਂ। ਮੁੱਖ ਮੰਤਰੀ ਬੇਅੰਤ ਸਿੰਘ ਦੇ ਰਾਜ ਵਿਚ ਆਮ ਲੋਕ ਕਹਿੰਦੇ ਸਨ ਕਿ ਏਨਾ ਭ੍ਰਿਸ਼ਟਾਚਾਰ ਹੋ ਗਿਆ ਹੈ ਕਿ ਇਸ ਦੀ ਸੜ੍ਹਿਆਂਦ ਸਾਡੇਸਾਹ ਘੁੱਟਦੀ ਪਈ ਹੈ, ਪਰ ਇਸ ਸਰਕਾਰ ਵਿੱਚ ਇੱਕਈਮਨਦਾਰਬੰਦਾ ਹਰਚਰਨ ਸਿੰਘ ਬਰਾੜ ਹੈ। ਬੇਅੰਤ ਸਿੰਘ ਦੇ ਕਤਲ ਪਿੱਛੋਂ ਉਸ 'ਈਮਾਨਦਾਰ' ਬੰਦੇ ਦੇ ਹੱਥ ਪੰਜਾਬ ਦੀ ਕਮਾਨ ਆਈ ਤਾਂ ਭ੍ਰਿਸ਼ਟਾਚਾਰ ਦਾ ਵਹਿਣ ਹੋਰ ਗੰਦਾ ਤੇ ਹੋਰ ਤੇਜ਼ ਰਫਤਾਰ ਨਾਲ ਵਗਣ ਵਾਲਾ ਹੋ ਗਿਆ। ਇਸ ਨੂੰ ਰੋਕਣ ਦੇ



ਜਤਿੰਦਰ ਪੰਨੂ

ਵਾਅਦੇ ਨਾਲ ਅਕਾਲੀ-ਭਾਜਪਾ ਦੀ ਪਹਿਲੀ ਸਰਕਾਰ ਬਣੀ ਤੇ ਆਉਂਦੇ ਸਾਰ ਇਹ ਐਲਾਨ ਕਰ ਦਿੱਤਾ ਕਿ ਜਿਹੜਾ ਕੋਈ ਬੰਦਾ ਭ੍ਰਿਸ਼ਟਾਚਾਰ ਕਰਨ ਵਾਲਿਆਂ ਨੂੰ ਫੜਾਵੇਗਾ, ਉਸ ਨੂੰ ਪੰਝੀ ਹਜ਼ਾਰ ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਜਿਸਨੇ ਭ੍ਰਿਸ਼ਟਾਚਾਰ ਦਾ ਪਹਿਲਾਦੋਸ਼ੀ ਫੜਾਇਆ, ਉਸ ਨੂੰ ਵੀ ਇਨਾਮ ਮਿਲ ਗਿਆ, ਦੂਸਰਾ ਫੜਾਉਣ ਵਾਲੇ ਨੂੰ ਵੀ, ਪਰ ਜਦੋਂ ਤੀਸਰਾ ਫੜਾਇਆ ਤੇ ਉਹ ਤੀਸਰਾ ਮੁੱਖ ਮੰਤਰੀ ਬਾਦਲ ਦੇ ਆਪਣੇ ਚੋਣ ਹਲਕੇ ਦਾ ਜੰਮਪਲ ਅਫਸਰ ਸੀ ਤਾਂ ਉਸ ਦੇ ਬਾਅਦ ਕਿਸੇ ਨੂੰ ਵੀ ਭ੍ਰਿਸ਼ਟਾਚਾਰ ਦੇ ਕੇਸ ਫੜਾਉਣ ਦਾ ਇਨਾਮ ਕਦੀ ਦੇਣ ਦੀ ਲੋੜ ਹੀ ਨਹੀਂ ਸੀ ਰਹਿ ਗਈ। ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਜਦੋਂ ਉਸ ਦੇ ਹੱਥ ਕਮਾਨ ਆਈ ਤਾਂ ਭ੍ਰਿਸ਼ਟਾਚਾਰ ਦਾ ਵਹਿਣ ਬੰਦ ਕਰਵਾ ਦੇਵੇਗਾ, ਪਰ ਉਹ ਪਹਿਲੇ ਚਾਰ-ਛੇ ਮਹੀਨੇ ਇਸ ਲੀਹ ਉੱਤੇ ਚੱਲ ਕੇ ਚੁੱਪ ਹੋ ਗਿਆ ਤੇ ਫਿਰ ਉਸ ਦੀ ਜੁੰਡੀ ਨੇ ਪਹਿਲੇ ਕਾਂਗਰਸੀਆਂ ਦਾ ਵੀ ਅਤੇ ਅਕਾਲੀਆਂ ਵਾਲਾ ਵੀ ਰਿਕਾਰਡ ਤੋੜ ਦਿੱਤਾ। ਪੰਜਾਂ ਸਾਲ ਬਾਅਦ ਬਾਦਲ ਸਰਕਾਰ ਫਿਰ ਆ ਗਈ ਅਤੇ ਲਗਾਤਾਰ ਦਸ ਸਾਲ ਭ੍ਰਿਸ਼ਟਾਚਾਰ ਦੇ ਨਾਲ ਹਰ ਕਿਸਮ ਦੇ ਮਾੜੇ ਧੰਦਿਆਂ ਦੀ ਇਹੋ ਜਿਹੀ ਹਨੇਰੀ ਲਿਆਂਦੀ ਸੀ ਕਿ ਲੋਕਾਂ ਨੇ ਕੰਨਾਂ ਨੂੰ ਹੱਥ ਲਾ ਲਏ। ਬਦਕਿਸਮਤੀ ਨਾਲ ਫਿਰ ਅਮਰਿੰਦਰ ਸਿੰਘ ਦੀ ਸਰਕਾਰ ਬਣ ਗਈ ਤੇ ਜਿਹੜੀ ਕੁਝ ਕਸਰ ਉਸ ਦੇ ਬੰਦਿਆਂ ਤੋਂ ਪਿਛਲੀ ਵਾਰੀ ਬਾਕੀ ਰਹਿ ਗਈ ਸੀ, ਉਹ ਵੀ ਏਨੀ ਤੇਜ਼ ਰਫਤਾਰ ਦੇ ਨਾਲ ਕੱਢਣ ਲੱਗ ਪਏ ਕਿ ਲੋਕ ਉਸ ਨੂੰ ਇੱਕ ਨਵਾਂ ਜਾਂ ਅੰਤਲਾ ਰਿਕਾਰਡ ਮੰਨਣ ਨੂੰ ਮਜਬੂਰ ਹੋ ਗਏ ਸਨ। ਉਸ ਰਾਜ ਵਿੱਚ ਇੱਕ ਗੱਲ ਨਵੀਂ ਹੋਈ ਕਿ ਕਾਂਗਰਸੀ ਅਗਵਾਈ ਹੇਠ ਜਾਂਚ ਕਰਵਾ ਕੇ ਪਹਿਲਾਂ ਅਕਾਲੀ ਰਾਜ ਵੇਲੇ ਦੇ ਘਪਲੇ ਫੋਲ ਕੇ ਸਬੂਤ ਲੱਭੇ ਜਾਂਦੇ ਤੇ ਫਿਰ ਉਨ੍ਹਾਂ ਦਾ ਪ੍ਰਚਾਰ ਕਰ ਕੇ ਅੰਤ ਵਿੱਚ ਅਕਾਲੀ ਆਗੂਆਂ ਨਾਲ ਸੌਦੇਬਾਜ਼ੀ ਹੁੰਦੀ ਸੀ ਕਿ ਜੋ ਕੁਝ ਤੁਸੀਂ ਛਕਿਆ ਹੋਇਆ ਸੀ, ਉਸ ਦਾ ਬਣਦਾ ਹਿਸਾ ਦੇ ਦੇਵੋ, ਕਲੀਨ ਚਿੱਟ ਖੜੇ ਪੈਰ ਮਿਲ ਜਾਵੇਗੀ। ਨਤੀਜਾ ਇਹ ਨਿਕਲਿਆ ਕਿ ਅਮਰਿੰਦਰ ਸਿੰਘ ਤੇ ਚਰਨਜੀਤ ਸਿੰਘ ਚੰਨੀ ਦੇ ਗੱਦੀ ਛੱਡਣ ਤੱਕ ਭ੍ਰਿਸ਼ਟਾਚਾਰ ਦੀ ਓੜਕ ਹੋ ਗਈ।

ਇਹੋ ਜਿਹਾ ਮਾਹੌਲ ਸੀ, ਜਿਸ ਵਿੱਚ ਪੰਜਾਬ ਦੇ ਲੋਕ ਕੋਈ ਤੀਸਰਾ ਤੇ ਇਨ੍ਹਾਂ ਸਭਨਾਂ ਤੋਂ ਅਲੋਕਾਰ ਬਦਲ ਲੱਭਣ ਲਈ ਸੋਚਣ ਲੱਗ ਪਏ ਅਤੇ ਇਸ ਸੋਚ-ਧਾਰਾ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣ ਗਈ। ਉਹ ਸਮਾਂ ਆਇਆ ਮੈਂ ਅਜੇ ਨਹੀਂ ਕਹਿੰਦਾ, ਜਿੱਥੇ ਜਾ ਕੇ ਅਕਾਲੀਆਂ ਤੇ ਕਾਂਗਰਸੀਆਂ ਦੋਵਾਂ ਦੇ ਬਣਾਏ ਰਿਕਾਰਡ ਟੁੱਟ ਗਏ ਮੰਨੇ ਜਾਣ, ਪਰ ਭ੍ਰਿਸ਼ਟਾਚਾਰ ਦੇ ਵਿਰੋਧ ਦਾਜਿਹੜਾ ਪ੍ਰਭਾਵ ਬਣਾਇਆ ਸੀ, ਉਹ ਵੀ ਨਹੀਂ ਰਿਹਾ। ਪਹਿਲਾਂ ਸਰਕਾਰ ਦਾ ਅਜੇ ਮਹੀਨਾ ਵੀ ਪੂਰਾ ਨਹੀਂ ਸੀ ਹੋਇਆ ਕਿਖੁਦ ਮੁੱਖ ਮੰਤਰੀ ਨੇ ਇਸ ਦੇ ਸਿਹਤ ਮੰਤਰੀ ਵਿਜੇ ਸਿੰਗਲਾ ਨੂੰ ਪੁਲੀਸ ਦੇ ਹਵਾਲੇ ਕੀਤਾ ਤੇ ਮੰਤਰੀ ਮੰਡਲ ਵਿੱਚੋਂ ਕੱਢਿਆ ਸੀ। ਫਿਰ ਇਸ ਦੇ ਇੱਕ ਮੰਤਰੀ ਫੌਜਾ ਸਿੰਘ ਸਰਾਰੀ ਦਾ ਮੁੱਦਾ ਉੱਭਰ ਪਿਆ, ਪਰ ਉਸ ਵੇਲੇ ਵਿਜੇ ਸਿੰਗਲਾ ਵਾਲੀ ਸਖਤੀ ਨਹੀਂ ਸੀ ਕੀਤੀ ਜਾ ਸਕੀ। ਉਸ ਤੋਂ ਬਾਅਦ ਕਈ ਹੋਰਨਾਂ ਦੀ ਚਰਚਾ ਵੀ ਸੁਣਦੀ ਸੀ, ਪਰ ਵੱਡਾ ਮਾਮਲਾ ਬਠਿੰਡੇ ਦੀ ਦੇਹਾਤੀ ਸੀਟ ਵਾਲੇ ਵਿਧਾਇਕ ਅਮਿਤ ਰਤਨ ਦਾ ਨਿਕਲ ਪਿਆ ਅਤੇ ਸਬੂਤ ਏਨੇ ਠੋਸ ਸਨ ਕਿ ਉਸ ਨੂੰ ਗ੍ਰਿਫਤਾਰ ਕਰਨਾ ਪਿਆ। ਉਸ ਤੋਂ ਬਾਅਦ ਜਲਾਲਾ-ਬਾਦ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਹਰਾ ਕੇ ਜਿੱਤੇ ਹੋਏ ਜਗਦੀਪ ਕੰਬੋਜ ਗੋਲਡੀ ਦੇ ਬਾਪ ਦੀ ਗ੍ਰਿਫਤਾਰੀ ਦੀ ਨੌਬਤ ਆ ਗਈ ਅਤੇ ਕਹਾਣੀ ਏਥੇ ਵੀ ਰੁਕਦੀ ਨਹੀਂ ਜਾਪਦੀ, ਕਈ ਹੋਰਨਾਂ ਬਾਰੇ ਏਦਾਂ ਦੇ ਚਰਚੇ ਚੱਲਦੇ ਸੁਣੇ ਜਾਣ ਲੱਗ ਪਏ ਹਨ ਕਿ ਪਿਛਲਿਆਂ ਦੇ ਭ੍ਰਿਸ਼ਟਾਚਾਰ ਦੀਆਂ ਗੱਲਾਂ ਆਮ ਲੋਕਾਂ ਨੂੰ ਫਾਲਤੂ ਜਾਪਣ ਲੱਗ ਪਈਆਂ ਹਨ। ਕਮਾਲ ਦੀ ਗੱਲ ਇਹ ਕਿ ਬੀਤੇ ਸਾਲਾਂ ਦੌਰਾਨਜਿਹੜੇ ਭ੍ਰਿਸ਼ਟਾਚਾਰ ਦੀਆਂ ਹਨੇਰੀਆਂ ਲਿਆਈ ਗਏ ਸਨ ਅਤੇ ਜਿਨ੍ਹਾਂ ਦੇ ਕੇਂਦਰ ਵਾਲੇ ਰਾਜ ਵਿੱਚ ਅੱਜ ਵੀ ਬਿਨਾਂ ਕਿਸੇ ਓਹਲੇ ਤੋਂ ਭ੍ਰਿਸ਼ਟਾਚਾਰ ਦੀ ਸਿਖਰ ਹੋਈ ਪਈ ਹੈ, ਉਹ ਵੀ ਅਜੋਕੇ ਰਾਜ ਦੀ ਚਰਚਾ ਛੇੜਦੇ ਅਤੇ ਬਾਅਦ ਵਿੱਚ ਇਹ ਗੱਲ ਕਹਿ ਕੇ ਤੋੜਾ ਝਾੜ ਦੇਂਦੇ ਹਨ ਕਿ ਅਸੀਂ ਮਾੜੇ ਸਾਂ, ਆਹ ਸੱਚੇ-ਸੁੱਚੇ ਲਿਆ ਕੇ ਵੇਖ ਲਉ ਕਿਹੜਾ ਚੰਦ ਚਾੜ੍ਹਨ ਦੇ ਰਾਹ ਪੈ ਗਏ ਹਨ। ਇਹ ਗੱਲ ਤਾਂ ਉਹ ਕਹਿਣ ਜੋਗੇ ਨਹੀਂ ਕਿ ਉਨ੍ਹਾਂ ਨੇ ਕੋਈ ਮਾੜਾ ਕੰਮ ਨਹੀਂ ਸੀ ਕੀਤਾ, ਪਰ ਲੋਕਾਂ ਵੱਲੋਂ ਨਵੇਂ ਚੁਣੇ ਗਏ ਆਗੂਆਂ ਦਾ ਕਿੱਸਾ ਖੋਲ੍ਹ ਕੇ ਲੋਕਾਂ ਅੱਗੇ ਰੱਖੀ ਜਾਂਦੇ ਹਨ। ਇੱਕੋ ਚੰਗੀ ਗੱਲ ਇਹ ਹੈ ਕਿ ਮਨਮੋਹਨ ਸਿੰਘ ਵਾਂਗ ਅਜੇ ਤੱਕ ਕਿਸੇ ਨੇ ਭਗਵੰਤ ਮਾਨ ਉੱਤੇ ਇਹੋ ਜਿਹੀ ਸਿੱਧੀ ਉਂਗਲ ਨਹੀਂ ਉਠਾਈ, ਪਰ ਇਹ ਕਾਫੀ ਨਹੀਂ। ਉਸ ਨੂੰ ਆਪਣੇ ਮੰਤਰੀਆਂ ਵਾਲੀ ਟੀਮ ਤੇ ਬਾਕੀ ਧਾੜ ਕਾਬੂ ਵਿੱਚ ਰੱਖਣੀ ਔਖੀ ਹੋਈ ਜਾਪਦੀ ਹੈ। 'ਭੰਡਾ-ਭੰਡਾਰ ਤੇਰਾ ਕਿੰਨਾ ਕੁ ਭਾਰ, ਇੱਕ ਮੁੱਕੀ ਚੁੱਕ ਲੈ, ਦੂਜੀ ਨੂੰ ਤਿਆਰ' ਵਾਲਾ ਹਾਲ ਬਣਿਆ ਪਿਆ ਹੈ। ਇਸ ਹਾਲਾਤ ਵਿੱਚ ਆਮ ਆਦਮੀ ਇਹ ਸੋਚਣ ਲਈ ਮਜਬੂਰ ਹੋ ਜਾਂਦਾ ਹੈ ਕਿ ਭਾਰਤ ਦੇ ਇਸ ਲੋਕਤੰਤਰੀ ਦੌਰ ਵਿੱਚ ਵੀ ਉਸ ਦੀ ਕਿਸਮਤ ਵਿੱਚ ਇਹੀ ਲਿਖਿਆ ਸੀ।

ਗੱਲ ਫਿਰ ਪਹਿਲੀਆਂ ਸਤਰਾਂ ਵਾਲੇ ਥਾਂ ਆ ਜਾਂਦੀ ਹੈ ਕਿ ਓਦੋਂ ਅਸੀਂ ਇਹ ਸੋਚ ਕੇ ਗਲਤ ਸਾਂ ਕਿ ਇੱਕ ਕਰੋੜ ਦੀ ਕੋਠੀ ਵਿਕਣ ਦਾ ਰਿਕਾਰਡ ਕੌਣ ਤੋੜੇਗਾ ਜਾਂ ਨਰਸਿਮਹਾ ਰਾਓ ਰਾਜ ਵਾਲੇ ਭ੍ਰਿਸ਼ਟਾਚਾਰ ਦਾ ਰਿਕਾਰਡ ਤੋੜਨ ਵਰਗਾ ਕੌਣ ਨਿਕਲੇਗਾ ਅਤੇ ਅਸੀਂ ਉਹ ਸਭ ਰਿਕਾਰਡ ਟੁੱਟਦੇ ਅੱਖੀਂ ਵੇਖ ਲਏ ਸਨ। ਅੱਜ ਜਿਹੜੇ ਹਾਲਾਤ ਵਿੱਚ ਦੇਸ਼ ਵੀ ਅਤੇ ਪੰਜਾਬ ਵੀ ਪਹੁੰਚ ਗਿਆ ਹੈ, ਅਸੀਂ ਇਹ ਕਹਿਣ ਦੀ ਲੋੜ ਨਹੀਂ ਸਮਝਦੇ ਕਿ ਅੱਜ ਭਾਰਤ ਜਾਂ ਪੰਜਾਬ ਦੀਆਂ ਸਰਕਾਰਾਂ ਦੇ ਰਥਵਾਨਾਂ ਦੇ ਨੱਕ ਹੇਠ ਜੋ ਵਹਿਣ ਵਗ ਰਿਹਾ ਹੈ, ਇਸ ਦਾ ਰਿਕਾਰਡ ਕਿਸੇ ਤੋਂ ਨਹੀਂ ਟੁੱਟਣਾ। ਇੱਕ ਵਾਰੀ ਭਾਰਤ ਦੇ ਪ੍ਰਸਿੱਧ ਕ੍ਰਿਕਟਰ ਸਚਿਨ ਤੇਂਦੁਲਕਰ ਨੂੰ ਪੁੱਛਿਆ ਗਿਆ ਕਿ ਤੁਹਾਨੂੰ ਨਹੀਂ ਲੱਗਦਾ ਕਿ ਤੁਹਾਡੇ ਬਣਾਏ ਰਿਕਾਰਡ ਕਿਸੇ ਤੋਂ ਨਹੀਂ ਟੁੱਟਣੇ ਤਾਂ ਉਸ ਨੇ ਹੱਸ ਕੇ ਕਿਹਾ ਸੀ: ਰਿਕਾਰਡ ਬਣਦੇ ਹੀ ਟੁੱਟਣ ਲਈ ਹਨ। ਭਾਰਤ ਦੇਸ਼ ਦੀ ਬਦਕਿਸਮਤੀ ਹੈ ਕਿ ਏਥੇ ਭ੍ਰਿਸ਼ਟਾਚਾਰ ਦੇ ਰਿਕਾਰਡ ਵੀ ਸਥਾਈ ਨਹੀਂ, ਇਹ ਟੁੱਟਦੇ ਜਾਣ ਵਾਸਤੇ ਹੀ ਬਣਦੇ ਜਾਪਦੇ ਹਨ।

RSFO ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ RSFO

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ
(10ਵਾਂ ਅੰਤਰਰਾਸ਼ਟਰੀ ਐਵਾਰਡ ਸਮਾਗਮ 2023)
21 ਮਈ 2023, ਦਿਨ ਐਤਵਾਰ; ਸਮਾਂ 9:30 ਸਵੇਰ
ਸਥਾਨ- ਵੈਰਡੀ ਕਨਵੈਨਸ਼ਨ ਸੈਂਟਰ, 3550 ਡੇਰੀ ਰੋਡ (ਈਸਟ) ਮਿਸੀਸਾਗਾ








ਸੀਟ ਰਾਖਵੀ ਕਰਨ ਲਈ ਸੰਪਰਕ ਕਰੋ-
ਦਲਜੀਤ ਸਿੰਘ ਗੈਦੂ (416-305-9878), ਮਨਜੀਤ ਸਿੰਘ ਭੱਚੂ (416-275-2374)
ਅਤੇ ਹਰਦਿਆਲ ਸਿੰਘ ਝੀਤਾ (647-409-8915)
ਰਾਮਗੜ੍ਹੀਆ ਸਿੱਖ ਫਾਊਡੇਸ਼ਨ ਆਫ ਆਨਟਾਰੀਓ- 7956 ਟੋਰਬਰਮ ਰੋਡ ਯੂਨਿਟ ਨੰ. 40 (ਬੀ), ਬਰੈਂਪਟਨ (ਕੈਨੇਡਾ)




THANKS TO ALL TV, RADIO, AND PRINT MEDIA.

# ਨੈੱਟ ਜ਼ੀਰੋ ਟੀਚੇ ਦੀ ਪ੍ਰਾਪਤੀ ਲਈ ਪੰਜਾਬ ਸਟੇਟ ਐਨਰਜੀ ਐਕਸ਼ਨ ਪਲਾਨ ਦੀ ਸ਼ੁਰੂਆਤ

## * ਅੰਮ੍ਰਿਤਸਰ ਨੂੰ ਸੋਲਰ ਸਿਟੀ ਵਜੋਂ ਕੀਤਾ ਜਾਵੇਗਾ ਵਿਕਸਤ * ਵਧੀਕ ਮੁੱਖ ਸਕੱਤਰ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਏ. ਵੇਣੂ ਪ੍ਰਸਾਦ ਨੇ ਸਾਰੇ ਵਿਭਾਗਾਂ ਨੂੰ ਦਫ਼ਤਰੀ ਇਮਾਰਤਾਂ ਨੂੰ ਸੌਰ ਊਰਜਾ ਉਤੇ ਤਬਦੀਲ ਕਰਨ ਲਈ ਅੱਗੇ ਆਉਣ ਲਈ ਕਿਹਾ




ਚੰਡੀਗੜ੍ਹ, 10 ਮਈ (ਪੋਸਟ ਬਿਊਰੋ): ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੀ ਅਗਵਾਈ ਵਾਲੇ ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਵੱਲੋਂ ਅੱਜ ਪੰਜਾਬ ਸਟੇਟ ਐਨਰਜੀ ਐਕਸ਼ਨ ਪਲਾਨ ਲਾਂਚ ਕੀਤਾ ਗਿਆ ਹੈ ਤਾਂ ਜੋ ਇਮਾਰਤਾਂ, ਉਦਯੋਗਾਂ, ਨਗਰ-ਪਾਲਿਕਾਵਾਂ, ਖੇਤੀਬਾੜੀ, ਟਰਾਂਸਪੋਰਟ ਅਤੇ ਹੋਰ ਖੇਤਰਾਂ ਵਿੱਚ ਊਰਜਾ ਕੁਸ਼ਲਤਾ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਐਕਸ਼ਨ ਪਲਾਨ ਦਾ ਉਦੇਸ਼ ਸੂਬੇ ਦੇ ਵਿਭਾਗਾਂ/ਏਜੰਸੀਆਂ ਦੀ ਸਭ ਤੋਂ ਟਿਕਾਊ, ਲੰਬੀ ਮਿਆਦ ਵਾਲੀ ਅਤੇ ਇੰਟਰ ਸੈਕਟਰਲ ਨਵਿਆਉਣਯੋਗ/ਸਾਫ਼ ਤੇ ਸਵੱਛ ਊਰਜਾ ਯੋਜਨਾ ਨੂੰ ਅਪਣਾਉਣ ਵਿੱਚ ਸਹਾਇਤਾ ਕਰਨਾ ਹੈ।

ਇਸ ਦੌਰਾਨ ਵਧੀਕ ਮੁੱਖ ਸਕੱਤਰ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਸ੍ਰੀ ਏ.ਵੇਣੂ ਪ੍ਰਸਾਦ, ਚੇਅਰਮੈਨ ਪੇਡਾ ਸ੍ਰੀ ਐਚ.ਐਸ.ਹੰਸਪਾਲ ਅਤੇ ਇੰਡੋ-ਜਰਮਨ ਐਨਰਜੀ ਪ੍ਰੋਗਰਾਮ ਜੀ.ਆਈ.ਜ਼ੈੱਡ. ਦੇ ਮੁਖੀ ਡਾ. ਵਿਨਫਰਾਈਡ ਡੈਮ ਵੱਲੋਂ ਸੂਬੇ ਲਈ ਅੰਮ੍ਰਿਤਸਰ ਸਮਾਰਟ ਸਿਟੀ ਪੋਰਟਲ ਅਤੇ ਨਵਿਆਉਣਯੋਗ ਪਰਚੇਜ਼ ਔਬਲੀਗੇਸ਼ਨਜ਼ (ਆਰ.ਪੀ.ਓ.) ਪੋਰਟਲ ਦੇ ਨਾਲ ਡਿਸੀਜ਼ਨ ਸਪੋਰਟ ਟੂਲ (ਡੀ.ਐਸ.ਟੀ.) ਵੀ ਲਾਂਚ ਕੀਤਾ ਗਿਆ।

ਸ੍ਰੀ ਏ ਵੇਣੂ ਪ੍ਰਸਾਦ ਨੇ ਕਿਹਾ ਕਿ ਅੰਮ੍ਰਿਤਸਰ ਨੂੰ ਸੋਲਰ ਸਿਟੀ ਵਜੋਂ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਟੇਟ ਐਨਰਜੀ ਐਕਸ਼ਨ ਪਲਾਨ ਹਰੇਕ ਸੈਕਟਰ ਜਿਵੇਂ ਖੇਤੀਬਾੜੀ, ਬਿਜਲੀ, ਨਵਿਆਉਣਯੋਗ, ਸੀ.ਬੀ.ਜੀ., ਨਗਰਪਾਲਿਕਾਵਾਂ, ਟਰਾਂਸਪੋਰਟ, ਇਮਾਰਤਾਂ ਅਤੇ ਉਦਯੋਗਾਂ ਵਿੱਚ ਨੈੱਟ ਜ਼ੀਰੋ ਟੀਚਿਆਂ ਨੂੰ ਪ੍ਰਾਪਤ ਕਰਨ ਵਿੱਚ ਮਦਦ ਕਰੇਗਾ। ਪੇਡਾ ਵੱਲੋਂ 20 ਤੋਂ ਵੱਧ ਵਿਭਾਗਾਂ/ਸੰਸਥਾਵਾਂ ਦੇ ਸਲਾਹਕਾਰਾਂ ਦੀ ਤਜਰਬੇਕਾਰ ਟੀਮ ਅਤੇ ਨੁਮਾਇੰਦਿਆਂ ਦੀ ਮਦਦ ਨਾਲ ਤਕਨੀਕੀ ਸਹਾਇਤਾ ਲੈਣ ਵਾਸਤੇ ਜਰਮਨ ਦੇ ਇਕਨੌਮਿਕ ਕੋਆ-ਪਰੇਸ਼ਨ ਅਤੇ ਡਿਵੈਲਪਮੈਂਟ ਮੰਤਰਾਲੇ ਤੋਂ ਫੰਡ ਪ੍ਰਾਪਤ ਜੀ.ਆਈ.ਜ਼ੈੱਡ. ਦੇ ਆਈ.ਜੀ.ਈ.ਐਨ. ਐਕਸੈੱਸ ਟੂ ਐਨਰਜੀ ਪ੍ਰੋਗਰਾਮ ਨਾਲ ਸਮਝੌਤਾ ਸਹੀਬੱਧ ਕੀਤਾ ਹੈ। ਇਸ ਐਕਸ਼ਨ ਪਲਾਨ ਨੂੰ ਤੇਜ਼ੀ ਨਾਲ ਲਾਗੂ ਕਰਨ ਅਤੇ ਇਸਦੀ ਪ੍ਰਗਤੀ ਦੀ ਤਿਮਾਹੀ ਆਧਾਰ 'ਤੇ ਸਮੀਖਿਆ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਨੇ ਬਿਜਲੀ ਖੇਤਰ ਨੂੰ ਡੀਕਾਰਬੋਨਾਈਜ਼ (ਕਾਰਬਨ ਮੁਕਤ) ਕਰਨ ਲਈ ਸਾਰੇ ਵਿਭਾਗਾਂ ਨੂੰ ਆਪਣੇ ਦਫ਼ਤਰਾਂ ਦੀਆਂ ਇਮਾਰਤਾਂ ਨੂੰ ਸੋਲਰ ਪੈਨਲਾਂ ਨਾਲ ਲੈਸ ਕਰਨ ਸਬੰਧੀ ਕਦਮ ਚੁੱਕਣ ਲਈ ਕਿਹਾ ਜਿਸ ਨਾਲ ਉਨ੍ਹਾਂ ਦੇ ਬਿਜਲੀ ਦੀ ਖ਼ਪਤ ਸਬੰਧੀ ਖਰਚਿਆਂ ਨੂੰ 25 ਫੀਸਦ ਤੋਂ 30 ਫੀਸਦ ਤੱਕ ਘਟਾਉਣ ਵਿੱਚ ਮਦਦ ਮਿਲੇਗੀ।

ਪੇਡਾ ਦੇ ਚੇਅਰਮੈਨ ਸ੍ਰੀ ਐੱਚ.ਐੱਸ. ਹੰਸਪਾਲ ਨੇ ਕਿਹਾ ਕਿ ਪੇਡਾ ਊਰਜਾ ਸੰਭਾਲ ਐਕਟ, 2001 ਨੂੰ ਲਾਗੂ ਕਰਨ ਲਈ ਪੰਜਾਬ ਸਰਕਾਰ ਦੀ ਡੈਜ਼ੀਗਨੇਟਿਡ ਏਜੰਸੀ ਹੈ ਅਤੇ ਪੇਡਾ ਦਾ ਉਦੇਸ਼ 2070 ਤੱਕ ਨੈੱਟ ਜ਼ੀਰੋ ਟੀਚਿਆਂ ਨੂੰ ਪ੍ਰਾਪਤ ਕਰਨਾ ਹੈ। ਉਨ੍ਹਾਂ ਨੇ ਬੀ.ਈ.ਈ. ਵੱਲੋਂ ਸੂਬਾ ਪੱਧਰ 'ਤੇ ਸਟੇਟ ਐਨਰਜੀ ਐਫੀਸ਼ੈਂਸੀ ਪਲਾਨ (ਸੀ.ਈ.ਏ.ਪੀ.) ਤਿਆਰ ਕੀਤੇ ਜਾਣ ਦਾ ਵੀ ਜ਼ਕਿਰ ਕੀਤਾ। ਪੰਜਾਬ ਨੇ ਸਟੇਟ ਐਨਰਜੀ ਵਿਜ਼ਨ 2047 ਵੀ ਤਿਆਰ ਕੀਤਾ ਹੈ।

ਇਸ ਵਿਲੱਖਣ ਪਲਾਨ ਨੂੰ ਤਿਆਰ ਕਰਨ ਲਈ ਪੇਡਾ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਇੰਡੋ-ਜਰਮਨ ਐਨਰਜੀ ਪ੍ਰੋਗਰਾਮ ਜੀ.ਆਈ.ਜ਼ੈੱਡ. ਦੇ ਮੁਖੀ ਡਾ. ਵਿਨਫਰਾਈਡ ਡੈਮ ਨੇ ਨੈੱਟ ਜ਼ੀਰੋ ਟੀਚੇ ਦੀ ਪ੍ਰਾਪਤੀ ਲਈ ਭਾਰਤ ਦੇ ਉਦੇਸ਼ ਨੂੰ ਪੂਰਾ ਕਰਨ ਵਾਸਤੇ ਲੰਬੇ ਸਮੇਂ ਦੀ ਐਨਰਜੀ ਪਲਾਨਿੰਗ ਦੇ ਮਹੱਤਵ 'ਤੇ ਚਾਨਣਾ ਪਾਇਆ।

ਉਨ੍ਹਾਂ ਨੇ ਕੌਮਾਂਤਰੀ ਪੱਧਰ 'ਤੇ ਨਿਰਧਾਰਤ ਟੀਚਿਆਂ ਨੂੰ ਹਾਸਲ ਕਰਨ ਲਈ ਸੂਬੇ ਦੇ ਸਾਰੇ ਸਰਕਾਰੀ ਵਿਭਾਗਾਂ ਅਤੇ ਨਾਗਰਿਕਾਂ ਦੀ ਭੂਮਿਕਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਵੱਖ-ਵੱਖ ਯੂਰਪੀਅਨ ਦੇਸ਼ਾਂ ਦੀਆਂ ਉਦਾਹਰਣਾਂ ਸਾਂਝੀਆਂ ਕਰਨ ਦੇ ਨਾਲ ਨਾਲ ਆਪਣੀ ਆਰਥਿਕਤਾ ਨੂੰ ਡੀਕਾਰਬੋਨਾਈਜ਼ ਕਰਨ, ਜਿਸ ਵਾਸਤੇ ਜ਼ਿਆਦਾਤਰ ਮੁਲਕਾਂ ਵੱਲੋਂ 2050 ਤੱਕ ਅਤੇ ਜਰਮਨੀ ਵੱਲੋਂ 2045 ਤੱਕ ਦਾ ਟੀਚਾ ਰੱਖਿਆ ਗਿਆ ਹੈ, ਲਈ ਉਨ੍ਹਾਂ ਦੀਆਂ ਸੈਕਟਰਲ ਪਹਿਲਕਦਮੀਆਂ ਬਾਰੇ ਵੀ ਜਾਣਕਾਰੀ ਦਿੱਤੀ।

ਸਾਰੇ ਭਾਗੀਦਾਰਾਂ ਦਾ ਸੁਆਗਤ ਕਰਦਿਆਂ ਪੇਡਾ ਦੇ ਡਾਇਰੈਕਟਰ ਸ੍ਰੀ ਐਮ.ਪੀ. ਸਿੰਘ ਨੇ ਸਟੇਟ ਐਨਰਜੀ ਐਕਸ਼ਨ ਪਲਾਨ ਅਤੇ ਆਨਲਾਈਨ ਡਿਸੀਜ਼ਨ ਸਪੋਰਟ ਟੂਲ ਬਾਰੇ ਜਾਣਕਾਰੀ ਦਿੱਤੀ ਜਿਸ ਦੀ ਵਰਤੋਂ ਕਰਦਿਆਂ, ਸਾਰੇ ਸਬੰਧਤ ਵਿਭਾਗ ਸੂਬੇ ਲਈ ਕੋਈ ਵੀ ਵੱਡੇ ਵਿਕਾਸ ਟੀਚੇ ਨਿਰਧਾਰਤ ਕਰਨ ਤੋਂ ਪਹਿਲਾਂ ਡਾਟਾ-ਆਧਾਰਤ ਵਿਕਾਸ ਯੋਜਨਾਵਾਂ ਤਿਆਰ ਕਰਦੇ ਹਨ।

ਇਸ ਮੀਟਿੰਗ ਵਿੱਚ ਪ੍ਰਮੁੱਖ ਸਕੱਤਰ ਬਿਜਲੀ ਵਿਭਾਗ ਸ੍ਰੀ ਤੇਜਵੀਰ ਸਿੰਘ, ਪ੍ਰਮੁੱਖ ਸਕੱਤਰ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਸ੍ਰੀ ਅਜੋਏ ਕੁਮਾਰ ਸਿਨਹਾ, ਗਮਾਡਾ ਦੇ ਮੁੱਖ ਪ੍ਰਸ਼ਾਸਕ ਸ੍ਰੀ ਅਮਨਦੀਪ ਬਾਂਸਲ ਅਤੇ ਚੀਫ਼ ਟਾਊਨ ਪਲਾਨਰ ਪੰਜਾਬ ਸ੍ਰੀ ਪੰਕਜ ਬਾਵਾ, ਸੀਨੀਅਰ ਸਲਾਹਕਾਰ ਜੀ.ਆਈ.ਜ਼ੈੱਡ. ਇੰਡੀਆ ਸ੍ਰੀਮਤੀ ਨਿਧੀ ਸਰੀਨ, ਪੇਡਾ ਦੇ ਜੁਆਇੰਟ ਡਾਇਰੈਕਟਰ ਸ੍ਰੀ ਕੁਲਬੀਰ ਸਿੰਘ ਸੰਧੂ ਤੋਂ ਇਲਾਵਾ ਟਰਾਂਸਪੋਰਟ, ਲੋਕ ਨਿਰਮਾਣ, ਤਕਨੀਕੀ ਸਿੱਖਿਆ, ਨਿਵੇਸ਼ ਪ੍ਰੋਤਸਾਹਨ, ਹੁਨਰ ਵਿਕਾਸ, ਉਚੇਰੀ ਸਿੱਖਿਆ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।






## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।


NEED A LAWYER ??

KAUR LAW OFFICE

Red Seal NOTARY



REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits



ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202


# Matrimonial
ਰਿਸ਼ਤੇ ਹੀ ਰਿਸ਼ਤੇ


Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

ਚਾਹਲ ਜੱਟ ਸਿੱਖ ਲੜਕਾ, ਉਮਰ 31 ਸਾਲ, ਕੱਦ 5 ਫੁੱਟ 9 ਇੰਚ, ਗ੍ਰੈਜੂਏਟ, ਸ਼ਰਾਬ ਨਹੀਂ ਪੀਂਦਾ, ਕੈਨੇਡਾ ਵਿਚ ਵਿਜ਼ਟਿਰ ਵੀਜ਼ਾ ਉਤੇ ਆਇਆ ਹੋਇਆ, ਓਂਟਾਰੀਓ ਵਿਚ ਰਹਿ ਰਿਹਾ, ਭੈਣ ਕੈਨੇਡਾ ਦੀ ਪੀਆਰ, ਸਾਰਾ ਪਰਿਵਾਰ ਕੈਨੇਡਾ ਵਿਚ ਰਹਿ ਰਿਹਾ, ਲਈ ਕੈਨੇਡਾ ਦੀ ਪੀਆਰ, ਵਰਕ ਪਰਮਿਟ ਉਤੇ ਜਾਂ ਸਟੂਡੈਂਟ, ਲੜਕੀ ਦੀ ਲੋੜ ਹੈ। ਫੋਟੋਆਂ ਵਟਸਐਪ ਉਤੇ ਭੇਜ ਸਕਦੇ ਹੋ। ਸੰਪਰਕ: 3438892395, 9053240160

ਬਰੈਂਪਟਨ 'ਚ 4 ਸਾਲ ਤੋਂ ਵਰਕ ਪਰਮਿਟ ਰਿਫਿਊਜੀ ਕੇਸ 'ਤੇ ਰਹਿੰਦੇ ਜੱਟ ਸਿੱਖ, ਨਸ਼ਿਆਂ ਤੋਂ ਰਹਿਤ, ਉਮਰ 31 ਸਾਲ, ਟਰੱਕ ਡਰਾਇਵਰ ਦੀ ਜੌਬ ਕਰਦੇ ਲੜਕੇ ਲਈ ਕੈਨੇਡੀਅਨ ਪੀਆਰ ਜਾਂ ਸਿਟੀਜਨ ਲੜਕੀ ਦੀ ਲੋੜ ਹੈ। ਬਿਨਾਂ ਬੱਚੇ ਤੋਂ ਤਲਾਕਸ਼ੁਦਾ ਲੜਕੀ 'ਤੇ ਵੀ ਵਿਚਾਰ ਕੀਤਾ ਜਾਵੇਗਾ। ਮੈਰਿਜ ਬਿਊਰੋ ਵਾਲੇ ਫੋਨ ਨਾ ਕਰਨ। ਫੋਨ: 3652284327 ਜਾਂ 4374380242 ਜਾਂ ਵਟਸਅਪ 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜ਼ਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


A-One Drivers TRAINING SCHOOL

G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ



ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ



Visions of Punjab



VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976



ਸੈਲ ਐਂਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6



STARLANE PAINTING
Residential • Commercial • Industrial
- Hotel • Motel • Exterior
- Interior • Spray Painting
- Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ




416.230.4000 • 647.409.1092
www.STARLANEPAINTING.com
ਹਰਜੀਤ ਧਨੋਆ



(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

# ਟੋਂਗਾ 'ਚ ਆਇਆ 7.6 ਤੀਬਰਤਾ ਦਾ ਭੂਚਾਲ, ਅਫਗਾਨਿਸਤਾਨ 'ਚ ਮਹਿਸੂਸ ਕੀਤੇ ਝਟਕੇ

ਕਾਬੁਲ, 11 ਮਈ (ਪੋਸਟ ਬਿਊਰੋ): ਦੱਖਣੀ ਪ੍ਰਸ਼ਾਂਤ ਮਹਾਸਾਗਰ 'ਚ ਸਥਿਤ ਟਾਪੂ ਦੇਸ਼ ਟੋਂਗਾ 'ਚ ਬੁੱਧਵਾਰ ਨੂੰ 7.6 ਤੀਬਰਤਾ ਦਾ ਸ਼ਕਤੀਸ਼ਾਲੀ ਭੂਚਾਲ ਆਇਆ। ਸੰਯੁਕਤ ਰਾਜ ਭੂ-ਵਿ-ਗਆਨਕ ਸਰਵੇਖਣ ਨੇ ਇੱਕ ਟਵੀਟ ਵਿੱਚ ਕਿਹਾ ਕਿ ਹਿਹੀਫੋ, ਟੋਂਗਾ ਤੋਂ 95 ਕਿਲੋਮੀਟਰ ਪੱਛਮੀ ਉੱਤਰ-ਪੱਛਮ ਵਿੱਚ 7.6 ਤੀਬਰਤਾ ਦਾ ਭੂਚਾਲ ਆਇਆ। ਜਿਸ ਦਾ ਕੇਂਦਰ ਧਰਤੀ ਤੋਂ 210.1 ਕਿਲੋਮੀਟਰ ਦੀ ਡੂੰਘਾਈ 'ਤੇ ਸੀ।



ਅਮਰੀਕੀ ਸੁਨਾਮੀ ਚੇਤਾਵਨੀ ਪ੍ਰਣਾਲੀ ਨੇ ਕਿਹਾ ਕਿ ਭੂਚਾਲ ਤੋਂ ਬਾਅਦ ਸੁਨਾਮੀ ਦੀ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਫਿਲਹਾਲ ਭੂਚਾਲ ਕਾਰਨ ਕਿਸੇ ਜਾਨੀ ਨੁਕਸਾਨ ਦੀ ਕੋਈ ਸੂਚਨਾ ਨਹੀਂ ਹੈ।

ਵੀਰਵਾਰ ਨੂੰ ਅਫਗਾਨਿਸਤਾਨ ਦੇ ਫੈਜ਼ਾਬਾਦ 'ਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਸ ਬਾਰੇ ਜਾਣਕਾਰੀ ਦਿੰਦਿਆਂ ਰਾਸ਼ਟਰੀ ਭੂਚਾਲ ਵਿਗਿਆਨ ਕੇਂਦਰ ਨੇ ਦੱਸਿਆ ਕਿ ਰਿਕਟਰ ਪੈਮਾਨੇ 'ਤੇ 4.5 ਤੀਬਰਤਾ ਦਾ ਭੂਚਾਲ ਆਇਆ। ਭੂਚਾਲ ਦੇ ਝਟਕੇ ਵੀਰਵਾਰ ਸਵੇਰੇ 5:51 ਵਜੇ ਦੇ ਕਰੀਬ ਮਹਿਸੂਸ ਕੀਤੇ ਗਏ। ਇਸ ਦੇ ਨਾਲ ਹੀ ਕਿਸੇ ਜਾਨੀ ਨੁਕਸਾਨ ਦੀ ਕੋਈ ਸੂਚਨਾ ਨਹੀਂ ਹੈ।

# ਬਰੇਲੀ 'ਚ ਫੈਕਟਰੀ ਨੂੰ ਅੱਗ ਲੱਗਣ ਕਾਰਨ 4 ਮਜ਼ਦੂਰਾਂ ਦੀ ਮੌਤ, 4 ਜ਼ਖਮੀ

ਬਰੇਲੀ, 11 ਮਈ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਬਰੇਲੀ ਸ਼ਹਿਰ ਤੋਂ 20 ਕਿਲੋਮੀਟਰ ਦੂਰ ਫਰੀਦਪੁਰ ਥਾਣਾ ਖੇਤਰ ਦੇ ਜੇਡੇ ਪਿੰਡ ਨੇੜੇ ਬੁੱਧਵਾਰ ਦੇਰ ਸ਼ਾਮ ਇਕ ਫੈਕਟਰੀ 'ਚ ਭਿਆਨਕ ਅੱਗ ਲੱਗ ਗਈ। ਇਸ ਹਾਦਸੇ 'ਚ 4 ਮਜ਼ਦੂਰਾਂ ਦੀ ਦਰਦਨਾਕ ਮੌਤ ਹੋ ਗਈ ਜਦਕਿ 4 ਹੋਰ ਗੰਭੀਰ ਜ਼ਖਮੀ ਹੋ ਗਏ। ਵੀਰਵਾਰ ਨੂੰ ਵਾਪਰੀ ਘਟਨਾ ਦੀ ਜਾਣਕਾਰੀ ਦਿੰਦੇ ਹੋਏ ਫਰੀਦਪੁਰ ਦੇ ਪੁਲਸ ਅਧਿਕਾਰੀ ਗੌਰਵ ਸਿੰਘ ਨੇ ਦੱਸਿਆ ਕਿ ਭਿਆਨਕ ਅੱਗ ਕਾਰਨ ਗੋਦਾਮ 'ਚ ਕੰਮ ਕਰ ਰਹੇ 4 ਮਜ਼ਦੂਰਾਂ ਦੀ ਝੁਲਸਣ ਕਾਰਨ ਮੌਤ ਹੋ ਗਈ।



ਹਾਦਸੇ ਵਿੱਚ ਮਾਰੇ ਗਏ ਤਿੰਨ ਮਜ਼ਦੂਰਾਂ ਦੀ ਪਛਾਣ 25 ਸਾਲਾ ਅਨੂਪ, 32 ਸਾਲਾ ਅਰਵਿੰਦ ਕੁਮਾਰ ਮਿਸ਼ਰਾ ਅਤੇ 27 ਸਾਲਾ ਰਾਕੇਸ਼ ਵਜੋਂ ਹੋਈ ਹੈ। ਦੂਜੇ ਮ੍ਰਿਤਕਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਿੰਘ ਨੇ ਦੱਸਿਆ ਕਿ ਅੱਗ ਵਿੱਚ 4 ਹੋਰ ਮਜ਼ਦੂਰ ਪੱਪੂ ਸਿੰਘ, ਬਬਲੂ, ਜਤਿੰਦਰ ਅਤੇ ਦੇਸ਼ਰਾਜ ਗੰਭੀਰ ਰੂਪ ਵਿੱਚ ਝੁਲਸ ਗਏ ਹਨ ਅਤੇ ਉਨ੍ਹਾਂ ਨੂੰ ਬਰੇਲੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਹਾਦਸੇ ਦੇ ਸਮੇਂ ਫੈਕਟਰੀ ਵਿੱਚ 50 ਮਜ਼ਦੂਰ ਕੰਮ ਕਰ ਰਹੇ ਸਨ। ਜ਼ਿਲ੍ਹਾ ਮੈਜਿਸਟਰੇਟ ਸ਼ਿਵਕਾਂਤ ਦਿਵੇਦੀ ਨੇ ਕਿਹਾ ਕਿ ਘਟਨਾ ਦੀ ਤਕਨੀਕੀ ਜਾਂਚ ਦੇ ਆਦੇਸ਼ ਦਿੱਤੇ ਗਏ ਹਨ।

ਦਿਵੇਦੀ ਨੇ ਦੱਸਿਆ ਕਿ ਫੈਕਟਰੀ ਦੇ ਗੋਦਾਮ ਵਿੱਚ ਫੋਮ ਦੇ ਗੱਦੇ, ਪਲਾ-ਸਟਿਕ ਦਾ ਫਰਨੀਚਰ ਅਤੇ ਹੋਰ ਫੋਮ ਦਾ ਸਾਮਾਨ ਤਿਆਰ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਬੁੱਧਵਾਰ ਦੇਰ ਸ਼ਾਮ ਸ਼ਾਰਟ ਸਰਕਟ ਕਾਰਨ ਅੱਗ ਲੱਗੀ ਅਤੇ ਤੇਜ਼ੀ ਨਾਲ ਫੈਲ ਗਈ। ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਫੈਕਟਰੀ ਪ੍ਰਬੰਧਕਾਂ ਨੇ ਮੌਕੇ 'ਤੇ ਪਹੁੰਚ ਕੇ ਪੁਲੀਸ ਅਤੇ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ।



ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਡਿਪਟੀ ਕਮਿਸ਼ਨਰ ਡਾਕਟਰ ਰੂਹੀ ਦੁੱਗ ਨੇ ਪਿੰਡ ਵਾੜਾਦੜਾਕਾ ਤੋ ਦੁਆਰੇਆਣਾ ਵਿਖੇ ਸੜਕਾਂ ਦੇ ਦੋਨਾਂ ਪਾਸਿਆਂ ਦੇ ਬਰਮ ਮਜਬੂਤ ਕਰਨ ਦੇ ਕੰਮ ਦੀ ਸਾਂਝੇ ਤੌਰ ਤੇ ਸੁਰੂਆਤ ਕਰਵਾਈ।

# ਪਾਕਿਸਤਾਨ 'ਚ ਹਿੰਸਾ ਅਤੇ ਅੱਗਜ਼ਨੀ ਨਾਲ ਹਾਲਾਤ ਹੋਏ ਬੇਕਾਬੂ, ਫੌਜ ਨੇ ਸੰਭਾਲਿਆ ਮੋਰਚਾ

ਇਸਲਾਮਾਬਾਦ, 11 ਮਈ (ਪੋਸਟ ਬਿਊਰੋ): ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੀ ਭ੍ਰਿਸ਼ਟਾਚਾਰ ਨਾਲ ਸਬੰਧਤ ਮਾਮਲੇ ਵਿੱਚ ਗ੍ਰਿਫ਼ਤਾਰੀ ਤੋਂ ਬਾਅਦ ਪਾਕਿਸਤਾਨ ਵਿੱਚ ਹਿੰਸਾ ਅਤੇ ਅੱਗਜ਼ਨੀ ਸਿਖਰਾਂ 'ਤੇ ਪਹੁੰਚ ਗਈ ਹੈ। ਇਸ ਕਾਰਨ ਪਾਕਿਸਤਾਨ ਦੇ ਕਈ ਇਲਾਕਿਆਂ 'ਚ ਸਥਿਤੀ ਬੇਕਾਬੂ ਹੋ ਗਈ ਹੈ। ਸਥਿਤੀ 'ਤੇ ਕਾਬੂ ਪਾਉਣ ਲਈ ਹੁਣ ਪਾਕਿਸਤਾਨ ਸਰਕਾਰ ਨੇ ਇਮਰਾਨ ਖਾਨ ਦੀ ਗ੍ਰਿਫਤਾਰੀ ਤੋਂ ਬਾਅਦ ਹਿੰਸਾ ਪ੍ਰਭਾਵਿਤ ਇਲਾਕਿਆਂ 'ਚ ਬੁੱਧਵਾਰ ਨੂੰ ਫੌਜ ਤਾਇਨਾਤ ਕਰ ਦਿੱਤੀ ਹੈ। ਹੁਕਮ ਮਿਲਦੇ ਹੀ ਕਈ ਸੰਵੇਦਨਸ਼ੀਲ ਥਾਵਾਂ 'ਤੇ ਪਾਕਿਸਤਾਨੀ ਫੌਜ ਨੇ ਚਾਰਜ ਸੰਭਾਲ ਲਿਆ ਹੈ। ਹਾਲਾਂਕਿ ਪਾਕਿਸਤਾਨ ਅਜੇ ਵੀ ਕਈ ਥਾਵਾਂ 'ਤੇ ਸੜ ਰਿਹਾ ਹੈ। ਹਿੰਸਾ, ਅੱਗਜ਼ਨੀ ਅਤੇ ਭੰਨਤੋੜ ਨਾਲ ਵਿਰੋਧ ਪ੍ਰਦਰਸ਼ਨ ਜਾਰੀ ਹਨ। ਪਾਕਿਸਤਾਨ ਵਿਚ ਹਿੰਸਕ ਪ੍ਰਦਰਸ਼ਨਾਂ ਦੇ ਵਿਚਕਾਰ, ਇਕ ਵਿਸ਼ੇਸ਼ ਅਦਾਲਤ ਨੇ ਬੁੱਧਵਾਰ ਨੂੰ ਸਾਬਕਾ ਪ੍ਰਧਾਨ ਮੰਤਰੀ ਖਾਨ ਨੂੰ ਭ੍ਰਿਸ਼ਟਾਚਾਰ ਵਿਰੋਧੀ ਏਜੰਸੀ ਦੇ ਅੱਠ ਦਿਨਾਂ ਲਈ ਰਿਮਾਂਡ 'ਤੇ ਭੇਜ ਦਿੱਤਾ, ਜਦੋਂ ਕਿ ਇਕ ਸੈਸ਼ਨ ਅਦਾਲਤ ਨੇ ਉਸ 'ਤੇ ਭ੍ਰਿਸ਼ਟਾਚਾਰ ਦੇ ਇਕ ਵੱਖਰੇ ਕੇਸ ਵਿਚ ਦੋਸ਼ ਲਗਾਇਆ। ਪ੍ਰਧਾਨ ਮੰਤਰੀ



ਸ਼ਹਿਬਾਜ਼ ਸ਼ਰੀਫ਼ ਨੇ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖ਼ਾਨ ਦੇ ਸਮਰਥਕਾਂ ਵੱਲੋਂ ਕੀਤੀ ਗਈ ਹਿੰਸਾ ਨੇ "ਸੰਵੇਦਨਸ਼ੀਲ ਜਨਤਕ ਅਤੇ ਨਿੱਜੀ ਜਾਇਦਾਦ ਨੂੰ ਨੁਕਸਾਨ ਪਹੁੰਚਾਇਆ", ਉਨ੍ਹਾਂ ਨੂੰ ਰਾਜਧਾਨੀ ਇਸਲਾਮਾਬਾਦ, ਸੰਘਣੀ ਆਬਾਦੀ ਵਾਲੇ ਪੰਜਾਬ ਸੂਬੇ ਅਤੇ ਉੱਤਰ ਪੱਛਮ ਦੇ ਸੰਵੇਦਨਸ਼ੀਲ ਖੇਤਰਾਂ 'ਤੇ ਹਮਲਾ ਕਰਨ ਲਈ ਉਕਸਾਇਆ। ਖਾਨ ਦੀ ਮੰਗਲਵਾਰ ਨੂੰ ਗ੍ਰਿਫਤਾਰੀ ਤੋਂ ਬਾਅਦ, ਉਸਦੇ ਸਮਰਥਕਾਂ ਨੇ ਇਸਲਾਮਾਬਾਦ ਅਤੇ ਹੋਰ ਵੱਡੇ ਸ਼ਹਿਰਾਂ ਵਿੱਚ ਸੜਕਾਂ ਨੂੰ ਜਾਮ ਕਰ ਦਿੱਤਾ, ਪੁਲਿਸ ਨਾਲ ਝੜਪਾਂ ਕੀਤੀਆਂ ਅਤੇ ਪੁਲਿਸ ਚੌਕੀਆਂ ਅਤੇ ਫੌਜੀ ਸਥਾਪਨਾਵਾਂ ਨੂੰ ਅੱਗ ਲਗਾ ਦਿੱਤੀ ਸੀ।

# ਐਲਜੀ ਬਨਾਮ ਦਿੱਲੀ ਸਰਕਾਰ ਮਾਮਲੇ ਵਿਚ ਸੁਪਰੀਮ ਕੋਰਟ ਨੇ ਕਿਹਾ, 'ਚੁਣੀ ਹੋਈ ਸਰਕਾਰ ਨੂੰ ਅਧਿਕਾਰੀਆਂ ਦੇ ਤਬਾਦਲੇ ਦਾ ਅਧਿਕਾਰ'

ਨਵੀਂ ਦਿੱਲੀ, 11 ਮਈ (ਪੋਸਟ ਬਿਊਰੋ): ਦਿੱਲੀ ਸਰਕਾਰ ਬਨਾਮ ਲੈਫਟੀਨੈਂਟ ਗਵਰਨਰ ਮਾਮਲੇ 'ਚ ਸੁਪਰੀਮ ਕੋਰਟ ਨੇ ਆਪਣੇ ਫੈਸਲੇ 'ਚ ਕਿਹਾ ਕਿ ਦਿੱਲੀ ਸਰਕਾਰ ਕੋਲ ਅਧਿਕਾਰੀਆਂ ਦੇ ਤਬਾਦਲੇ ਅਤੇ ਤਾਇਨਾਤੀ ਦਾ ਅਧਿਕਾਰ ਹੈ। ਇਹ ਦਿੱਲੀ ਸਰਕਾਰ ਦੀ ਵੱਡੀ ਜਿੱਤ ਹੈ। ਹਾਲਾਂਕਿ ਸੁਪਰੀਮ ਕੋਰਟ ਨੇ ਕਿਹਾ ਕਿ ਦਿੱਲੀ 'ਚ ਕਾਨੂੰਨ ਵਿਵਸਥਾ, ਜਨਤਕ ਵਿਵਸਥਾ, ਜ਼ਮੀਨ ਨਾਲ ਜੁੜੇ ਮੁੱਦਿਆਂ ਅਤੇ ਪੁਲਸ 'ਤੇ ਕੇਂਦਰ ਦਾ ਅਧਿਕਾਰ ਹੈ। ਬਾਕੀ ਮੁੱਦਿਆਂ 'ਤੇ ਪ੍ਰਸ਼ਾਸਨਿਕ ਅਧਿਕਾਰ ਦਿੱਲੀ ਸਰਕਾਰ ਕੋਲ ਹੈ। ਐਲਜੀ ਦਿੱਲੀ ਸਰਕਾਰ ਦੀ ਸਲਾਹ 'ਤੇ ਸਹਾਇਤਾ ਕਰਨ ਲਈ ਪਾਬੰਦ ਹੈ।

ਸੁਪਰੀਮ ਕੋਰਟ ਨੇ ਕਿਹਾ ਕਿ ਸੰਘੀ ਪ੍ਰਣਾਲੀ ਉਦੋਂ ਖਤਮ ਹੋ ਜਾਂਦੀ ਹੈ ਜਦੋਂ ਕੇਂਦਰ ਸਾਰੀਆਂ ਵਿਧਾਨਕ ਸ਼ਕਤੀਆਂ ਆਪਣੇ ਹੱਥਾਂ ਵਿੱਚ ਲੈ ਲੈਂਦਾ ਹੈ। ਸੰਘਵਾਦ ਦੇ ਸਿਧਾਂਤ ਦਾ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਕੇਂਦਰ ਸਾਰੀਆਂ ਵਿਧਾਨਕ, ਨਿਯੁਕਤੀ ਸ਼ਕਤੀਆਂ ਆਪਣੇ ਹੱਥਾਂ ਵਿੱਚ ਨਹੀਂ ਲੈ ਸਕਦਾ। ਜੇਕਰ ਚੁਣੀ ਹੋਈ ਸਰਕਾਰ ਅਧਿਕਾਰੀਆਂ ਨੂੰ ਕੰਟਰੋਲ ਨਹੀਂ ਕਰ ਸਕਦੀ ਤਾਂ ਉਹ ਲੋਕਾਂ ਪ੍ਰਤੀ ਆਪਣੀ ਸਮੂਹਿਕ ਜ਼ਿੰਮੇਵਾਰੀ ਕਿਵੇਂ ਨਿਭਾਏਗੀ? ਅਧਿਕਾਰੀਆਂ ਦੀ ਬਦਲੀ ਪੋਸਟਿੰਗ ਦਾ ਅਧਿਕਾਰ ਦਿੱਲੀ ਸਰਕਾਰ ਕੋਲ ਹੈ। ਚੁਣੀ ਹੋਈ ਸਰਕਾਰ ਵਿੱਚ ਪ੍ਰਸ਼ਾਸਨਿਕ ਵਿਵਸਥਾ ਹੋਣੀ ਚਾਹੀਦੀ ਹੈ। ਜੇਕਰ ਚੁਣੀ ਹੋਈ ਸਰਕਾਰ ਕੋਲ ਇਹ ਅਧਿਕਾਰ ਨਹੀਂ ਤਾਂ ਜਵਾਬਦੇਹੀ ਦੀ ਤੀਹਰੀ ਲੜੀ ਪੂਰੀ ਨਹੀਂ ਹੁੰਦੀ।

ਸੀਜੇਆਈ ਡੀਵਾਈ ਚੰਦਰਚੂੜ, ਜਸਟਿਸ ਐਮਆਰ ਸ਼ਾਹ, ਜਸਟਿਸ ਕ੍ਰਿਸ਼ਨਾ ਮੁਰਾਰੀ, ਜਸਟਿਸ ਹਿਮਾ



ਕੋਹਲੀ ਅਤੇ ਜਸਟਿਸ ਪੀਐਸ ਨਰਸਿਮ੍ਹਾ ਦੀ ਸੰਵਿਧਾਨਕ ਬੈਂਚ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਸੇਵਾਵਾਂ ਦੇ ਕੰਟਰੋਲ ਦਾ ਹੈ। ਅਸੀਂ ਜਸਟਿਸ ਭੂਸ਼ਣ ਦੇ 2019 ਦੇ ਫੈਸਲੇ ਨਾਲ ਸਹਿਮਤ ਨਹੀਂ ਹਾਂ। ਇਹ ਫੈਸਲਾ ਸਾਰੇ ਜੱਜਾਂ ਦੀ ਸਹਿਮਤੀ ਨਾਲ ਬਹੁਮਤ ਦਾ ਹੈ। ਜਸਟਿਸ ਭੂਸ਼ਣ ਨੇ ਕਿਹਾ ਸੀ ਕਿ ਸੇਵਾਵਾਂ 'ਤੇ ਸਿਰਫ਼ ਕੇਂਦਰ ਦਾ ਅਧਿਕਾਰ ਖੇਤਰ ਹੈ। ਪਰ ਦਿੱਲੀ ਸਰਕਾਰ ਦੀਆਂ ਸ਼ਕਤੀਆਂ ਨੂੰ ਸੀਮਤ ਕਰਨ ਲਈ ਕੇਂਦਰ ਦੀਆਂ ਦਲੀਲਾਂ ਨਾਲ ਨਜਿੱਠਣਾ ਜ਼ਰੂਰੀ ਹੈ। ਆਰਟੀਕਲ 239 ਏਏ ਵਿਆਪਕ ਸੁਰੱਖਿਆ ਪ੍ਰਦਾਨ ਕਰਦਾ ਹੈ। ਸੰਸਦ ਨੂੰ ਤੀਜੀ ਅਨੁਸੂਚੀ ਵਿੱਚ ਕਿਸੇ ਵੀ ਵਿਸ਼ੇ 'ਤੇ ਕਾਨੂੰਨ ਬਣਾਉਣ ਦਾ ਪੂਰਾ ਅਧਿਕਾਰ ਹੈ। ਜੇਕਰ ਕੇਂਦਰ ਅਤੇ ਰਾਜ ਦੇ ਕਾਨੂੰਨਾਂ ਵਿੱਚ ਟਕਰਾਅ ਹੁੰਦਾ ਹੈ, ਤਾਂ ਕੇਂਦਰੀ ਕਾਨੂੰਨ ਦਾ ਬੋਲਬਾਲਾ ਹੋਵੇਗਾ।

REXDALE BODY SHOP
USED CAR SALE

CHEEMA
LOWEST PRICE IN TOWN
Towing Service Car Paint Starts $799*upto 100% Deductible Paid*
Specialization In:
★ All Kinds of Body Work
★ Auto Glass Windshield
★ Denting, Painting & Welding
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
SPECIAL PAINT JOB $779
RENTAL CAR PROVIDED

25 years of Canadian Experience
OPEN MON - SAT 9AM TO 7PM
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

ਜ਼ਰੂਰੀ ਬੇਨਤੀ

ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਆਖੰਡ ਪਾਠ ਸਾਹਿਬ ਦਾ ਭੋਗ ੧ੴ

ਪਿੰਡ ਸੂਸਾਂ ਜਿਲ੍ਹਾ ਹੁਸ਼ਿਆਰਪੁਰ ਅਤੇ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬਾਬਾ ਜਵਾਹਰ ਦਾਸ ਜੀ ਦੇ ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਡਿਕਸੀ ਰੋਡ ਗੁਰਦਵਾਰਾ ਸਾਹਿਬ ਵਿਖੇ 26 ਮਈ ਦਿਨ ਸ਼ੁਕਰਵਾਰ ਨੂੰ ਸਵੇਰੇ 11 ਵਜੇ ਆਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 28 ਮਈ ਦਿਨ ਐਤਵਾਰ ਨੂੰ ਸਵੇਰ 11 ਵਜੇ ਭੋਗ ਪਾਏ ਜਾਣਗੇ । ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਨੂੰ ਹੁੰਮ-ਹਮਾਕੇ ਪਹੁੰਚਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈਂ।

ਵਧੇਰੇ ਜਾਣਕਾਰੀ ਲਈ ਹੇਠ ਲਿਖੇ ਫੋਨ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ:

ਧਰਮਿੰਦਰ ਸਿੰਘ ਸੂਚ 416-879-6824

ਪਰਮਜੀਤ ਸਿੰਘ ਸੂਚ 416-873-7508

ਸਰਬਜੀਤ ਸਿੰਘ ਸੂਚ 416-357-7667

ਗੁਰਮੇਲ ਸਿੰਘ ਸੂਚ 905-814-0756

ਸਾਲਾਨਾ ਜੋੜ ਮੇਲੇ ਦੀ ਖੁਸ਼ੀ ਵਿੱਚ ਸਮਾਗਮ 2023



